ਲੋਕ tv ਬਾਣੀ
ਪੰਜਾਬ ਦੇ ਲੋਕਾਂ ਦੀ ਆਵਾਜ਼

ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ ਅਮਨਦੀਪ ਮਹਿਰਾ
ਮੰਗਲਵਾਰ 13 ਫਰਵਰੀ 2024




R.N.I.Punpun/29016/2008 ✻ ਸਾਲ 15 ✻ ਅੰਕ : 269 ✻ ਮੁੱਲ ; 5.00 ਰੁਪਏ ✻ ਕੁੱਲ ਪੇਜ਼ 10 ✻ ਦਫਤਰ : 0181-2211009 ✻ : M 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697 , 97806-00998

## ਸਰਕਾਰ ਤੇ ਕਿਸਾਨਾਂ ਵਿਚਾਲੇ ਨਹੀਂ ਹੋਇਆ ਕੋਈ ਸਮਝੌਤਾ, ਕਿਸਾਨਾਂ ਦਾ ਦਿੱਲੀ ਕੂਚ ਕਰਨਾ ਤੈਅ

ਲੋਕ ਬਾਣੀ/ ਜਲੰਧਰ, ਦੇਵ ਮਹਿਤਾ



ਕਿਸਾਨਾਂ ਅਤੇ ਸਰਕਾਰ ਵਿਚਾਲੇ ਕਰੀਬ 5 ਘੰਟੇ ਲੰਮੀ ਚੱਲੀ ਗੱਲਬਾਤ ਬੇਨਤੀਜਾ ਰਹੀ। ਕਿਸਾਨਾਂ ਨੇ ਜਿਹੜੀਆਂ ਮੰਗਾਂ ਸਰਕਾਰ ਅੱਗੇ ਰੱਖੀਆਂ, ਉਹਨਾਂ ਨੂੰ ਸਰਕਾਰ ਨੇ ਕਥਿਤ ਤੌਰ ਤੇ ਮੰਨਣ ਤੋਂ ਪਾਸਾ ਵੱਟ ਲਿਆ। ਮੀਟਿੰਗ ਦੀ ਸਮਾਪਤੀ ਪਿੱਛੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਸਾਨ ਲੀਡਰ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ, ਅੱਗੇ ਵਧਣਾ ਸਾਡੀ ਮਜਬੂਰੀ ਹੈ। ਸਰਕਾਰ ਨਾਲ ਸਾਡੀ ਲੰਬੀ ਗੱਲਬਾਤ ਹੋਈ ਹੈ, ਹਰ ਮੁੱਦੇ 'ਤੇ ਚਰਚਾ ਹੋਈ ਹੈ। ਕਿਸਾਨ ਆਗੂ ਦਾ ਦੋਸ਼ ਸੀ ਕਿ, ਸਾਨੂੰ ਲਗਦਾ ਹੈ ਕਿ ਸਰਕਾਰ ਕਿਸੇ ਵੀ ਮੰਗ 'ਤੇ ਗੰਭੀਰ ਨਹੀਂ ਹੈ, ਅਸੀਂ ਚਾਹੁੰਦੇ ਸੀ ਕਿ ਇਕੱਠੇ ਬੈਠ ਕੇ ਮਸਲਾ ਹੱਲ ਕੀਤਾ ਜਾਵੇ, ਸਰਕਾਰ ਕੋਈ ਨਾ ਕੋਈ ਫੈਸਲਾ ਲਵੇ, ਪਰ ਮੀਟਿੰਗ ਵਿੱਚ ਕੋਈ ਨਤੀਜਾ ਨਹੀਂ ਨਿਕਲਿਆ।


### ਚੰਡੀਗੜ੍ਹ ਵਿੱਚ ਭਾਰੀ ਇਕੱਠ ਸਮੇਤ ਦਾਖਲ ਹੋਣ ਤੇ ਲੱਗੀ ਪਾਬੰਦੀ

ਲੋਕ ਬਾਣੀ/ ਚੰਡੀਗੜ੍ਹ, ਵਿਨੋਦ ਸ਼ਰਮਾ

ਨਵੀਂ ਦਿੱਲੀ , 12 ਫਰਵਰੀ - ਡੀਸੀਪੀ ਅੰਕਿਤ ਸਿੰਘ ਦਾ ਕਹਿਣਾ ਹੈ ਕਿ ਸਮੂਹ ਵਿਚ ਲੋਕਾਂ ਦੇ ਆਉਣ ਦੀ ਮਨਾਹੀ ਹੈ, ਟਰੈਕਟਰ, ਟਰਾਲੀ ਜਾਂ ਕਿਸੇ ਕਿਸਮ ਦਾ ਲਾਠੀ ਜਾਂ ਹਥਿਆਰ ਨਹੀਂ ਲੈ ਕੇ ਜਾ ਸਕਦੇ ਹਨ।

## ਪਾਕਿਸਤਾਨ ਵਿੱਚ ਨਵਾਜ਼ ਸ਼ਰੀਫ਼ ਦੀ ਗਠਜੋੜ ਸਰਕਾਰ ਬਣਾਉਣ ਨੂੰ ਤਜਵੀਜ਼

ਲੋਕ ਬਾਣੀ/ ਇਸਲਾਮਾਬਾਦ, 12 ਫਰਵਰੀ



ਤਿੰਨ ਵਾਰ ਪ੍ਰਧਾਨ ਮੰਤਰੀ ਰਹਿ ਚੁੱਕੇ ਨਵਾਜ਼ ਸ਼ਰੀਫ਼ ਦੀ ਅਗਵਾਈ ਵਾਲੀ ਪਾਕਿਸਤਾਨ ਮੁਸਲਿਮ ਲੀਗ (ਨਵਾਜ਼) ਨੇ 8 ਫਰਵਰੀ ਨੂੰ ਹੋਈਆਂ ਆਮ ਚੋਣਾਂ ਵਿਚ ਕਿਸੇ ਨੂੰ ਸਪਸ਼ਟ ਬਹੁਮਤ ਨਾ ਮਿਲਣ ਕਾਰਨ ਪੈਦਾ ਹੋਈ ਸਿਆਸੀ ਖੜੋਤ ਨੂੰ ਖ਼ਤਮ ਕਰਨ ਲਈ ਵਿਰੋਧੀ ਪਾਰਟੀਆਂ ਨੂੰ 'ਗੱਠਜੋੜ ਸਰਕਾਰ' ਬਣਾਉਣ ਦਾ ਸੱਦਾ ਦਿੱਤਾ ਹੈ। ਸਭ ਤੋਂ ਵੱਡੀ ਪਾਰਟੀ ਵਜੋਂ ਉਭਰ ਕੇ 266 ਮੈਂਬਰੀ ਨੈਸ਼ਨਲ ਅਸੈਂਬਲੀ ਵਿੱਚ ਪੀਐੱਮਐੱਲ-ਐੱਨ ਕੋਲ 75 ਸੀਟਾਂ ਹਨ। ਜੇਲ੍ਹ ਵਿੱਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਦੀ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਪਾਰਟੀ, ਜਿਸ ਨੇ 101 ਸੀਟਾਂ ਜਿੱਤੀਆਂ ਹਨ, ਨੂੰ ਜ਼ਿਆਦਾਤਰ ਆਜ਼ਾਦ ਉਮੀਦਵਾਰਾਂ ਦਾ ਸਮਰਥਨ ਪ੍ਰਾਪਤ ਹੋਇਆ ਹੈ। ਸਾਬਕਾ ਕਾਨੂੰਨ ਮੰਤਰੀ ਆਜ਼ਮ ਨਜ਼ੀਰ ਤਰਾਰ ਨੇ ਕਿਹਾ ਕਿ ਨੈਸ਼ਨਲ ਅਸੈਂਬਲੀ ਵਿੱਚ ਕਿਸੇ ਵੀ ਸਿਆਸੀ ਪਾਰਟੀ ਨੇ ਬਹੁਮਤ ਹਾਸਲ ਨਹੀਂ ਕੀਤਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਚੋਣਾਂ ਨਿਰਪੱਖ ਸਨ।

## ਮਥੁਰਾ 'ਚ ਸੜਕ ਹਾਦਸੇ ਦੌਰਾਨ ਕਾਰ ਨੂੰ ਲੱਗੀ ਅੱਗ ਪੰਜ ਵਿਅਕਤ ਜ਼ਿੰਦਾ ਸੜੇ

ਲੋਕ ਬਾਣੀ/ ਨੋਇਡਾ/ਮਥੁਰਾ

ਮਥੁਰਾ ਵਿੱਚ ਯਮੁਨਾ ਐਕਸਪ੍ਰੈਸ ਵੇਅ ਉੱਤੇ ਬੱਸ ਨਾਲ ਟਕਰਾਉਣ ਤੋਂ ਬਾਅਦ ਕਾਰ ਵਿੱਚ ਅੱਗ ਲੱਗਣ ਕਾਰਨ ਸੋਮਵਾਰ ਨੂੰ ਪੰਜ ਵਿਅਕਤੀ ਜ਼ਿੰਦਾ ਸੜ ਕੇ ਮਰ ਗਏ। ਪ੍ਰਾਪਤ ਜਾਣਕਾਰੀ ਮੁਤਾਬਕ ਬੱਸ ਅਤੇ ਸਵਿਫਟ ਕਾਰ ਵਿਚਕਾਰ ਟੱਕਰ ਕਾਰਨ ਇਹ ਜਾਨਾਂ ਗਈਆਂ। ਹੁਣ ਤੱਕ ਸਾਹਮਣੇ ਆਇਆ ਹੈ ਕਿ ਬੱਸ ਦਾ ਟਾਇਰ ਫਟ ਗਿਆ ਤੇ ਉਹ ਕੰਟਰੋਲ ਤੋਂ ਬਾਹਰ ਹੋ ਗਈ। ਇਸ ਕਾਰਨ ਬੱਸ ਸੜਕ 'ਤੇ ਪਲਟ ਗਈ। ਪਿੱਛੇ ਤੋਂ ਆ ਰਹੀ ਸਵਿਫਟ ਕਾਰ, ਬੱਸ ਵਿੱਚ ਵੱਜੀ।

## ਅੱਠ ਭਾਰਤੀ ਸਾਬਕਾ ਜਲ ਸੈਨਿਕ ਕਤਰ ਦੀ ਜੇਲ੍ਹ ਵਿਚੋਂ ਰਿਹਾ ਹੋ ਕੇ ਭਾਰਤ ਪੁੱਜੇ



ਲੋਕ ਬਾਣੀ/ ਦਿੱਲੀ

ਕਤਰ ਨੇ ਕਰੀਬ ਸਾਢੇ ਤਿੰਨ ਮਹੀਨੇ ਪਹਿਲਾਂ ਜਾਸੂਸੀ ਦੇ ਮਾਮਲੇ ਵਿੱਚ ਭਾਰਤੀ ਜਲ ਸੈਨਾ ਦੇ 8 ਸਾਬਕਾ ਕਰਮਚਾਰੀਆਂ ਨੂੰ ਮੌਤ ਦੀ ਸਜ਼ਾ ਸੁਣਾਏ ਜਾਣ ਬਾਅਦ ਉਨ੍ਹਾਂ ਨੂੰ ਰਿਹਾਅ ਕਰ ਦਿੱਤਾ ਗਿਆ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਰਿਹਾਅ ਕੀਤੇ ਅੱਠ ਭਾਰਤੀਆਂ ਵਿੱਚੋਂ ਸੱਤ ਭਾਰਤ ਪਰਤ ਆਏ ਹਨ ਅਤੇ ਦੇਸ਼ ਆਪਣੇ ਨਾਗਰਿਕਾਂ ਦੀ ਰਿਹਾਈ ਅਤੇ ਉਨ੍ਹਾਂ ਦੀ ਘਰ ਵਾਪਸੀ ਲਈ ਮੰਤਰਾਲੇ ਨੇ ਕਤਰ ਦੇ ਅਮੀਰ ਦੀ ਸ਼ਲਾਘਾ ਕੀਤੀ ਹੈ।

## ਬਠਿੰਡਾ 'ਚ ਪਲਟੀ ਮਿੰਨੀ ਬੱਸ ਕਈ ਸਵਾਰੀਆਂ ਜ਼ਖ਼ਮੀ

ਲੋਕ ਬਾਣੀ/ ਬਠਿੰਡਾ

- ਦੇਰ ਸ਼ਾਮ ਗੋਨਿਆਣਾ ਮੰਡੀ ਤੋਂ ਬਲਾਹੜ ਮਹਿਮਾ ਨੂੰ ਜਾਂਦੀ ਇਕ ਪ੍ਰਾਈਵੇਟ ਮਿੰਨੀ ਬੱਸ ਅਚਾਨਕ ਬੇਕਾਬੂ ਹੋ ਕੇ ਦਰੱਖ਼ਤ ਨਾਲ ਟਕਰਾਉਣ ਉਪਰੰਤ ਪਲਟ ਗਈ, ਜਿਸ ਕਾਰਨ ਡੇਢ ਦਰਜਨ ਤੋਂ ਵੱਧ ਸਵਾਰੀਆਂ ਦੇ ਜ਼ਖਮੀ ਹੋਣ ਦੀ ਖਬਰ ਹੈ।

## ਹਵਾਈ ਜਹਾਜ਼ ਕੰਪਨੀ ਸਪਾਈਸਜੈੱਟ ਨੇ ਆਪਣੇ 1000 ਕਰਮਚਾਰੀਆਂ ਦੀ ਛਾਂਟੀ ਕਰਨ ਦਾ ਫ਼ੈਸਲਾ ਕੀਤਾ

ਲੋਕ ਬਾਣੀ/ ਮੁੰਬਈ




ਸੰਕਟ ਨਾਲ ਜੂਝ ਰਹੀ ਸਪਾਈਸਜੈੱਟ ਆਉਣ ਵਾਲੇ ਦਿਨਾਂ ਵਿੱਚ ਘੱਟੋ-ਘੱਟ 1,000 ਕਰਮਚਾਰੀਆਂ ਦੀ ਛਾਂਟੀ ਕਰਨ ਦੀ ਯੋਜਨਾ ਬਣਾ ਰਹੀ ਹੈ। ਏਅਰਲਾਈਨ ਨੇ ਇਹ ਫੈਸਲਾ ਇਸ ਲਈ ਲਿਆ ਹੈ ਕਿਉਂਕਿ ਉਹ ਖਰਚ ਵਿੱਚ ਕਟੌਤੀ ਕਰਨ ਅਤੇ ਆਪਣੇ ਘਟਦੇ ਜਹਾਜ਼ਾਂ ਦੇ ਬੇੜੇ ਦੇ ਸੰਚਾਲਨ ਨੂੰ ਸੁਚਾਰੂ ਬਣਾਉਣ ਦੀ ਤਿਆਰੀ 'ਚ ਹੈ। ਵਿੱਤੀ ਸੰਕਟ, ਕਾਨੂੰਨੀ ਲੜਾਈਆਂ ਅਤੇ ਹੋਰ ਮਾੜੇ ਹਾਲਾਤ ਦਾ ਸਾਹਮਣਾ ਕਰਨ ਕਾਰਨ ਕੰਪਨੀ ਹੋਰ ਕਰਮਚਾਰੀਆਂ ਨੂੰ ਛੱਡਣ ਲਈ ਕਹਿ ਸਕਦੀ ਹੈ ਕਿਉਂਕਿ ਵਰਤਮਾਨ ਵਿੱਚ ਜਿੰਨੇ ਜਹਾਜ਼ ਹਨ, ਉਸ ਦੇ ਮੁਕਾਬਲੇ ਕਰਮਚਾਰੀ ਵੱਧ ਹੈ।

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਪੰਜਾਬ ਦੀਆਂ ਪ੍ਰਮੁੱਖ ਅਧਿਆਪਕ ਜਥੇਬੰਦੀਆਂ ਵੱਲੋਂ 16 ਫਰਵਰੀ ਦੀ ਹੜਤਾਲ ਸਬੰਧੀ ਅਧਿਆਪਕਾਂ ਦੇ ਮੋਰਚੇ ਦਾ ਗਠਨ

ਲੋਕ ਬਾਣੀ/ ਚੰਡੀਗੜ੍ਹ-

ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਸੰਯੁਕਤ ਕਿਸਾਨ ਮੋਰਚਾ ਅਤੇ ਆਜ਼ਾਦ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਦੀਆਂ ਨਿੱਜੀਕਰਨ, ਉਦਾਰੀਕਰਨ ਤੇ ਸੰਸਾਰੀਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ 16 ਫਰਵਰੀ ਨੂੰ ਦਿੱਤੇ ਗਏ 'ਭਾਰਤ ਬੰਦ' ਅਤੇ 'ਹੜਤਾਲ' ਦੇ ਸੱਦੇ ਨੂੰ ਸਫਲ ਬਣਾਉਣ ਲਈ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਅਧਿਆਪਕ ਮੋਰਚਾ ਪੰਜਾਬ ਸਮੇਤ ਪੰਜਾਬ ਦੀਆਂ ਪ੍ਰਮੁੱਖ ਅਧਿਆਪਕ ਜਥੇਬੰਦੀਆਂ ਦੀ ਕੱਲ੍ਹ ਹੋਈ ਵਰਚੁਅਲ ਮੀਟਿੰਗ ਦੀ ਲਗਾਤਾਰਤਾ ਵਿੱਚ ਅੱਜ ਦੁਬਾਰਾ ਮੀਟਿੰਗ ਕੀਤੀ ਗਈ। ਜਿਸ ਵਿੱਚ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਦੇ ਕਨਵੀਨਰ ਜਰਮਨਜੀਤ ਸਿੰਘ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਅਤੇ ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਗੌਰਮਿੰਟ ਸਕੂਲ ਟੀਚਰਜ਼? ਯੂਨੀਅਨ ਦੇ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵਿਗਿਆਨਕ ਦੇ ਜਨਰਲ ਸਕੱਤਰ ਸੁਰਿੰਦਰ ਕੰਬੋਜ ਅਤੇ ਨਵਪ੍ਰੀਤ ਬੱਲੀ, ਡੈਮੋਕਰੇਟਿਕ ਟੀਚਰਜ਼ ਫ਼ਰੰਟ ਦੇ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ, ਡੈਮੋਕਰੇਟਿਕ ਟੀਚਰਜ਼ ਫ਼ਰੰਟ ਦੇ ਪ੍ਰਧਾਨ ਵਿਕਰਮ ਦੇਵ ਸਿੰਘ ਅਤੇ ਜਨਰਲ ਸਕੱਤਰ ਮੁਕੇਸ਼ ਗੁਜਰਾਤੀ, ਐਲੀਮੈਂਟਰੀ ਟੀਚਰਜ਼ ਯੂਨੀਅਨ ਦੇ ਰਿਸੀ ਅਤੇ ਤਰਸੇਮ ਸਿੰਘ, ਕੰਪਿਊਟਰ ਅਧਿਆਪਕ ਯੂਨੀਅਨ ਦੇ ਸੀ. ਮੀਤ ਪ੍ਰਧਾਨ ਹਰਜੀਤ ਸਿੰਘ, ਅਧਿਆਪਕ ਦਲ ਵਾਲੀਆਂ ਦੇ ਪ੍ਰਧਾਨ ਗੁਰਜੰਟ ਸਿੰਘ ਵਾਲੀਆ, 3704 ਅਧਿਆਪਕ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ, ਆਦਰਸ਼ ਸਕੂਲ ਅਧਿਆਪਕ ਯੂਨੀਅਨ ਦੇ ਸ਼ਮਸ਼ੇਰ ਸਿੰਘ, 2392 ਮਾਸਟਰ ਕਾਡਰ ਦੇ ਯੁੱਧਜੀਤ ਸਿੰਘ, ਅਧਿਆਪਕ ਦਲ ਜਹਾਂਗੀਰ ਦੇ ਪ੍ਰਧਾਨ ਬਾਜ ਸਿੰਘ ਖਹਿਰਾ, 6635 ਈਟੀਟੀ ਅਧਿਆਪਕ ਯੂਨੀਅਨ ਦੇ ਜੋਗਿੰਦਰ ਸਿੰਘ ਵਰ੍ਹੇ, ਲੈਕਚਰਾਰ ਯੂਨੀਅਨ ਦੇ ਪ੍ਰਧਾਨ ਸੰਜੀਵ ਕੁਮਾਰ, 4161 ਅਧਿਆਪਕ ਯੂਨੀਅਨ ਦੇ ਪ੍ਰਧਾਨ ਗੁਰਮੇਲ ਸਿੰਘ ਅਤੇ ਰਛਪਾਲ ਜਲਾਲਾਬਾਦ, ਅਧਿਆਪਕ ਦਲ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਔਲਖ ਸ਼ਾਮਿਲ ਸਨ। ਮੀਟਿੰਗ ਵਿੱਚ '16 ਫਰਵਰੀ ਦੀ ਹੜਤਾਲ ਸਬੰਧੀ ਅਧਿਆਪਕਾਂ ਦੇ ਮੋਰਚੇ' ਦਾ ਗਠਨ ਕੀਤਾ ਗਿਆ ਅਤੇ ਫੈਸਲਾ ਕੀਤਾ ਗਿਆ ਕਿ ਪੰਜਾਬ ਦੇ ਸਮੂਹ ਰੈਗੂਲਰ ਅਧਿਆਪਕ 16 ਫਰਵਰੀ ਨੂੰ ਮੁਕੰਮਲ ਹੜਤਾਲ ਕਰਨਗੇ। ਜਦਕਿ ਕੱਚੇ ਅਧਿਆਪਕ, ਪਰਖ ਕਾਲ ਅਧੀਨ ਅਧਿਆਪਕ ਅਤੇ ਕੰਪਿਊਟਰ ਅਧਿਆਪਕ ਛੁੱਟੀ ਲੈ ਕੇ ਪ੍ਰਦਰਸ਼ਨਾਂ ਵਿੱਚ ਸ਼ਮੂਲੀਅਤ ਕਰਨਗੇ। 16 ਫਰਵਰੀ ਨੂੰ ਭਾਰਤ ਬੰਦ ਮੌਕੇ ਵਿਆਪਕ ਪੱਧਰ 'ਤੇ ਲੱਗਣ ਜਾ ਰਹੇ ਸੜਕ ਚੱਕਾ ਜਾਮ ਦੇ ਮੱਦੇਨਜ਼ਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 16 ਫਰਵਰੀ ਨੂੰ ਲਏ ਜਾ ਰਹੇ ਪੇਪਰਾਂ ਨੂੰ ਰੱਦ ਕਰਵਾਉਣ ਲਈ ਮੋਰਚੇ ਵੱਲੋਂ ਮੁੱਖ ਦਫ਼ਤਰ ਮੋਹਾਲੀ ਵਿਖੇ ਉੱਚ ਅਧਿਕਾਰੀਆਂ ਨੂੰ ਮਿਲਣ ਦਾ ਫੈਸਲਾ ਕੀਤਾ ਗਿਆ। ਇਸੇ ਤਰ੍ਹਾਂ ਜ਼ਿਲ੍ਹਿਆਂ ਵਿੱਚ ਲਾਮਬੰਦੀ ਕਰਨ ਲਈ 13 ਫਰਵਰੀ ਨੂੰ 3:30 ਵਜੇ ਸਾਂਝੀਆਂ ਮੀਟਿੰਗਾਂ ਕਰਨ ਉਪਰੰਤ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਰਾਹੀਂ ਸਰਕਾਰ ਨੂੰ ਨੋਟਿਸ-ਮੰਗ ਪੱਤਰ ਭੇਜੇ ਜਾਣਗੇ।




# ਮੌਸਮ ਵਿਭਾਗ ਵੱਲੋਂ ਬਾਰਿਸ਼ ਦੀ ਚੇਤਾਵਨੀ, ਸੀਤ ਲਹਿਰ ਦਾ ਅਲਰਟ ਜਾਰੀ

ਲੋਕ ਬਾਣੀ/ ਚੰਡੀਗੜ੍ਹ-




ਭਾਵੇਂ ਸਰਦੀ ਦਾ ਮੌਸਮ ਖਤਮ ਹੋਣ ਵਾਲਾ ਹੈ ਪਰ ਮੌਸਮ ਵਿਭਾਗ ਦਾ ਕਹਿਣਾ ਹੈ ਕਿ ਅਜੇ ਧੁੱਪ ਦੇਖ ਕੇ ਖੁਸ਼ ਨਾ ਹੋਵੋ, ਮੀਂਹ ਤੇ ਸੀਤ ਲਹਿਰ ਦਸਤਕ ਦੇਣ ਵਾਲੀ ਹੈ।

ਪੰਜਾਬ ਦੇ ਅੰਮ੍ਰਿਤਸਰ ਵਿੱਚ ਸੰਘਣੀ ਧੁੰਦ ਛਾਈ ਹੋਈ ਹੈ। ਦਿੱਲੀ 'ਚ ਵੀ ਸਵੇਰੇ ਸੰਘਣੀ ਧੁੰਦ ਕਾਰਨ ਇੰਦਰਾ ਗਾਂਧੀ ਹਵਾਈ ਅੱਡੇ 'ਤੇ ਵਿਜ਼ੀਬਿਲਟੀ ਘੱਟ ਰਹੀ। ਇਸ ਕਾਰਨ ਉਡਾਣਾਂ ਵਿੱਚ ਦੇਰੀ ਹੋਈ।

ਹਿਮਾਚਲ ਪ੍ਰਦੇਸ਼ ਵਿੱਚ ਵੀ ਬਰਫ਼ਬਾਰੀ ਅਤੇ ਸੀਤ ਲਹਿਰ ਦੀ ਸੰਭਾਵਨਾ ਹੈ। ਪੰਜਾਬ, ਹਰਿਆਣਾ, ਚੰਡੀਗੜ੍ਹ, ਰਾਜਸਥਾਨ ਵਿੱਚ ਘੱਟੋ-ਘੱਟ ਤਾਪਮਾਨ 4 ਤੋਂ 8 ਡਿਗਰੀ ਦੇ ਵਿਚਕਾਰ ਰਹਿਣ ਵਾਲਾ ਹੈ। ਇਸ ਦੇ ਨਾਲ ਹੀ ਬਾਰਿਸ਼ ਵੀ ਹੋ ਸਕਦੀ ਹੈ।

ਮੌਸਮ ਵਿਭਾਗ (IMD) ਦਾ ਅਨੁਮਾਨ ਹੈ ਕਿ ਦਿੱਲੀ ਵਿੱਚ ਦਿਨ ਭਰ ਆਸਮਾਨ ਸਾਫ਼ ਰਹੇਗਾ। ਰਾਤ ਨੂੰ ਅੰਸ਼ਕ ਤੌਰ 'ਤੇ ਬੱਦਲਵਾਈ ਰਹੇਗੀ।

ਮੌਸਮ ਵਿਭਾਗ ਦੇ ਅਲਰਟ ਮੁਤਾਬਕ ਪਹਾੜਾਂ 'ਤੇ ਬਰਫਬਾਰੀ ਕਾਰਨ ਮੈਦਾਨੀ ਇਲਾਕਿਆਂ ਦੇ ਲੋਕਾਂ ਨੂੰ ਠੰਡ ਤੋਂ ਰਾਹਤ ਨਹੀਂ ਮਿਲੀ ਹੈ। ਧੁੰਦ ਦਾ ਕਹਿਰ ਘੱਟ ਹੈ, ਪਰ ਅਗਲੇ 5 ਦਿਨਾਂ 'ਚ ਮੌਸਮ ਫਿਰ ਤੋਂ ਬਦਲ ਜਾਵੇਗਾ।

ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼, ਛੱਤੀਸਗੜ੍ਹ ਅਤੇ ਬਿਹਾਰ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। 15 ਤੋਂ 17 ਫਰਵਰੀ ਦਰਮਿਆਨ ਵੱਧ ਤੋਂ ਵੱਧ ਤਾਪਮਾਨ 26 ਡਿਗਰੀ ਅਤੇ ਘੱਟੋ-ਘੱਟ ਤਾਪਮਾਨ 8 ਤੋਂ 9 ਡਿਗਰੀ ਰਹਿਣ ਦੀ ਸੰਭਾਵਨਾ ਹੈ।

# ਨਗਰ ਕੌਂਸਲ ਜਗਰਾਉਂ ਵਿਖੇ ਖੁੱਲਿਆ ਨਵਾਂ ਹੈਲਪ ਡੈਕਸ

ਲੋਕ ਬਾਣੀ/ ਜਗਰਾਉਂ (ਬੌਬੀ ਸਹਿਜ਼ਲ)

ਸਥਾਨਕ ਨਗਰ ਕੌਂਸਲ ਜਗਰਾਉਂ ਵਿੱਚ ਪੰਜਾਬ ਸਰਕਾਰ ਅਤੇ ਐਮ ਐਲ ਏ ਸਰਬਜੀਤ ਕੌਰ ਮਾਣੂਕੇ ਦੀ ਰੇਹਨਮਾਈ ਹੇਠ ਅੱਜ ਹੈਲਪ ਡੈਸਕ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸਥਾਨਕ ਵਾਸੀਆਂ ਦੀਆਂ ਸ਼ਿਕਾਇਤਾ ਦਾ 72 ਘੰਟਿਆਂ ਦੇ ਅੰਦਰ - ਅੰਦਰ ਹੱਲ ਕੀਤਾ ਜਾਵੇਗਾ ਅਤੇ 90562-66184 ਨੰਬਰ ਵੀ ਜਾਰੀ ਕੀਤਾ ਗਿਆ ਜਿਸ ਤੇ ਫੋਨ ਕਰਕੇ ਸ਼ਹਿਰੀ ਲੋਕ ਸ਼ਿਕਾਇਤਾਂ ਲਿਖਵਾ ਸਕਦੇ ਹਨ। ਇਸ ਮੌਕੇ ਕਾਰਜਕਾਰੀ ਪ੍ਰਧਾਨ ਅਮਰਜੀਤ ਸਿੰਘ ਮਾਲਵਾ ਅਤੇ ਕਾਰਜ ਸਾਧਕ ਅਫਸਰ ਸੁਖਦੇਵ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਹੈਲਪ ਡੈਸਕ ਦਾ ਸ਼ਹਿਰ ਵਾਸੀਆਂ ਨੂੰ ਬਹੁਤ ਫਾਇਦਾ ਹੋਵੇਗਾ। ਇਸ ਵਿੱਚ ਆਮ ਲੋਕਾਂ ਦੀਆ ਸ਼ਿਕਾਇਤਾਂ ਦਰਜ ਕਰਨ ਲਈ ਦੋ ਕਰਮਚਾਰੀਆ ਦੀ ਡਿਊਟੀ ਲਗਾਈ ਗਈ ਹੈ ਜੋ ਲੋਕਾਂ ਦੀਆ ਸ਼ਿਕਾਇਤਾਂ ਨੋਟ ਕਰਕੇ ਅੱਗੇ ਬ੍ਰਾਂਚਾਂ ਨੂੰ ਭੇਜਣਗੇ ਤਾ ਜੋਂ ਲੋਕਾਂ ਦੀਆ ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਹੋ ਸਕੇ। ਇਸ ਮੌਕੇ ਪ੍ਰੋਫੈਸਰ ਸੁਖਵਿੰਦਰ ਸਿੰਘ ਸੁੱਖੀ ਸੀਨੀਅਰ ਆਪ ਆਗੂ, ਕੁਲਵਿੰਦਰ ਸਿੰਘ ਕਾਲਾ, ਕੌਂਸਲਰ ਸਤੀਸ਼ ਕੁਮਾਰ ਪੱਪੂ, ਕੌਂਸਲਰ ਅਨਮੋਲ ਗੁਪਤਾ, ਕੌਂਸਲਰ ਕੰਵਰਪਾਲ ਸਿੰਘ, ਕੌਂਸਲਰ ਅਮਨ ਕਪੂਰ, ਰਵਿੰਦਰ ਕੁਮਾਰ ਸੱਭਰਵਾਲ, ਕਰਮਜੀਤ ਕੈਂਥ, ਅਜੀਤ ਸਿੰਘ ਠੁਕਰਾਲ, ਸੁਸ਼ੀਲ ਕੁਮਾਰ ਲੇਖਾਕਾਰ, ਜਤਿੰਦਰ ਕੁਮਾਰ ਇੰਸਪੈਕਟਰ, ਦਵਿੰਦਰ ਸਿੰਘ ਜੂਨੀਅਰ ਸਹਾਇਕ, ਨਵਜੀਤ ਕੌਰ ਕਲਰਕ, ਤਾਰਕ, ਅਮਰਪਾਲ ਸਿੰਘ, ਹੀਰਾ ਸਿੰਘ, ਜਸਪ੍ਰੀਤ ਸਿੰਘ, ਮੁਨੀਸ਼ ਕੁਮਾਰ, ਮੇਜਰ ਕੁਮਾਰ, ਹਰਦੀਪ ਸਿੰਘ ਢੋਲਣ, ਦਵਿੰਦਰ ਸਿੰਘ ਗਰਚਾ, ਗੁਰਪ੍ਰੀਤ ਸਿੰਘ ਅਖਾੜਾ, ਮਿਸ ਗਗਨ, ਸੋਮਾ ਰਾਣੀ, ਵਿਸ਼ਾਲ ਟੰਡਨ, ਰਵੀ ਰੰਜਨ, ਮੁਕੇਸ਼ ਕੁਮਾਰ, ਰੋਹਿਤ ਕੁਮਾਰ, ਹੁਕਮਪਾਲ ਸਿੰਘ, ਰਵੀ ਕੁਮਾਰ, ਵਿਨੈ ਕੁਮਾਰ, ਸੋਨੂੰ, ਅਜੈ ਕੁਮਾਰ ਆਦਿ ਹਾਜਰ ਸਨ।






## ਭਾਨਾ ਸਿੱਧੂ ਨੇ ਜ਼ਮਾਨਤ ਲਈ ਸਮੂਹ ਸਹਿਯੋਗੀਆਂ ਅਤੇ ਖ਼ਾਸ ਕਰ ਕਿਸਾਨ ਜਥੇਬੰਦੀਆਂ ਦਾ ਕੀਤਾ ਧੰਨਵਾਦ

ਲੋਕ ਬਾਣੀ/ ਚੰਡੀਗੜ੍ਹ-

ਭਾਨਾ ਸਿੱਧੂ: ਮੁਹਾਲੀ ਜ਼ਿਲ੍ਹਾ ਅਦਾਲਤ ਤੋਂ ਵਿਵਾਦਤ ਬਲਾਗਰ ਭਾਨਾ ਸਿੱਧੂ ਨੂੰ ਰਾਹਤ ਮਿਲੀ ਹੈ। ਮੁਹਾਲੀ ਵਿੱਚ ਦਰਜ ਕੇਸ ਵਿੱਚ ਅਦਾਲਤ ਨੇ ਉਸ ਨੂੰ ਜ਼ਮਾਨਤ ਦੇ ਦਿੱਤੀ ਹੈ। 50 ਹਜ਼ਾਰ ਰੁਪਏ ਦੇ ਨਿੱਜੀ ਮੁਚੱਲਕੇ 'ਤੇ ਜ਼ਮਾਨਤ ਦਿੱਤੀ ਗਈ ਹੈ।

ਭਾਨਾ ਸਿੱਧੂ ਦੇ ਪਰਿਵਾਰਕ ਮੈਂਬਰਾਂ ਵੱਲੋਂ ਬਾਂਡ ਭਰਿਆ ਗਿਆ ਹੈ।

# ਪੰਜਾਬ ਦੇ ਇਨ੍ਹਾਂ ਹਿੱਸਿਆਂ 'ਚ ਇੰਟਰਨੈੱਟ ਸੇਵਾਵਾਂ ਬੰਦ

ਲੋਕ ਬਾਣੀ/ ਚੰਡੀਗੜ੍ਹ-

ਇੰਟਰਨੈੱਟ ਸੇਵਾਵਾਂ ਬੰਦ: ਕਿਸਾਨਾਂ ਦੇ ਦਿੱਲੀ ਕੂਚ ਤੋਂ ਪਹਿਲਾਂ ਹੀ ਜਿਥੇ ਹਰਿਆਣਾ ਦੇ ਅੱਧੀ ਦਰਜਨ ਤੋਂ ਵੱਧ ਜ਼ਿਲ੍ਹਿਆਂ ਵਿਚ ਇੰਟਰਨੈੱਟ ਸੇਵਾਵਾਂ ਬੰਦ ਕਰਕੇ ਬਾਰਡਰ ਸੀਲ ਕਰ ਦਿੱਤੇ ਗਏ ਹਨ, ਉਥੇ ਹੀ ਖ਼ਬਰ ਪੰਜਾਬ ਦੇ ਕੁਝ ਜ਼ਿਲ੍ਹਿਆਂ ਤੋਂ ਵੀ ਸਾਹਮਣੇ ਆ ਰਹੀ ਹੈ, ਜਿਥੇ ਇੰਟਰਨੈੱਟ ਸੇਵਾਵਾਂ ਤੇ ਰੋਕ ਲਗਾ ਦਿੱਤੀ ਗਈ ਹੈ।

ਬਾਬੂਸ਼ਾਹੀ ਦੀ ਰਿਪੋਰਟ ਮੁਤਾਬਿਕ, ਬਠਿੰਡਾ, ਪਟਿਆਲਾ, ਮਾਨਸਾ ਅਤੇ ਸ਼੍ਰੀ ਮੁਕਤਸਰ ਸਾਹਿਬ ਜ਼ਿਲ੍ਹਿਆਂ ਦੇ ਕਈ ਹਿੱਸਿਆਂ ਵਿਚ ਸੁਰੱਖਿਆ ਦੇ ਮੱਦੇਨਜ਼ਰ ਇੰਟਰਨੈੱਟ ਸੇਵਾਵਾਂ ਤੇ ਰੋਕ ਲਗਾ ਦਿੱਤੀ ਗਈ ਹੈ।

ਹਾਲਾਂਕਿ ਫੋਨ-ਕਾਲ ਵਗੈਰਾ ਚੱਲ ਰਹੀਆਂ ਹਨ। ਬਠਿੰਡਾ ਦੇ ਥਾਣਾ ਸੰਗਤ ਖੇਤਰ ਵਿਚ 16 ਫਰਵਰੀ ਤੱਕ ਇਹ ਹੁਕਮ ਲਾਗੂ ਰੱਖਣ ਦੀ ਗੱਲ ਆਖੀ ਜਾ ਰਹੀ ਹੈ।

ਮੁਕਤਸਰ ਦੇ ਥਾਣਾ ਕਿੱਲਿਆਂ ਇਲਾਕੇ ਵਿਚ ਇੰਟਰਨੈੱਟ ਸੇਵਾਵਾਂ ਬੰਦ ਕਰ ਦਿੱਤੀਆਂ ਗਈਆਂ ਹਨ ਅਤੇ ਮਾਨਸਾ ਦੇ ਦੋ ਥਾਣਿਆਂ ਸਰਦੂਲਗੜ੍ਹ ਅਤੇ ਥਾਣਾ ਬੋਹਾ ਦੇ ਖੇਤਰਾਂ ਵਿਚ ਇੰਟਰਨੈੱਟ ਸੇਵਾਵਾਂ ਦੇ ਰੋਕ ਲਗਾ ਦਿੱਤੀ ਗਈ ਹੈ। ਇਸ ਦੇ ਨਾਲ ਹੀ ਪਟਿਆਲਾ ਦੇ ਕਈ ਖੇਤਰਾਂ ਵਿਚ ਵੀ ਇੰਟਰਨੈੱਟ ਸੇਵਾਵਾਂ ਤੇ ਰੋਕ ਲਾ ਦਿੱਤੀ ਗਈ ਹੈ।

# ਪੁਰਾਣੀ ਪੈਨਸ਼ਨ ਬਹਾਲੀ ਲਈ ਤਿੰਨ ਜਥੇਬੰਦੀਆਂ ਵੱਲੋਂ ਸਾਂਝੇ ਮੋਰਚੇ ਦਾ ਗਠਨ !

ਲੋਕ ਬਾਣੀ/ ਚੰਡੀਗੜ੍ਹ-



ਪੁਰਾਣੀ ਪੈਨਸ਼ਨ ਬਹਾਲੀ ਲਈ ਪੰਜਾਬ ਵਿੱਚ ਸੰਘਰਸ਼ ਕਰ ਰਹੀਆਂ ਮੁਲਾਜ਼ਮ ਜਥੇਬੰਦੀਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਵੱਲੋ ਜਸਵੀਰ ਤਲਵਾੜਾ, ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਵੱਲੋਂ ਗੁਰਜੰਟ ਸਿੰਘ ਕੋਕਰੀ , ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਅਤਿੰਦਰਪਾਲ ਸਿੰਘ ਘੱਗਾ ਤਿੰਨ ਸਾਂਝੇ ਕਨਵੀਨਰਾਂ ਦੀ ਅਗਵਾਈ ਹੇਠ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੋਰਚਾ ਪੰਜਾਬ ਦਾ ਗਠਨ ਕੀਤਾ ਗਿਆ। ਪੁਰਾਣੀ ਪੈਨਸ਼ਨ ਪ੍ਰਾਪਤੀ ਸਾਂਝੇ ਮੋਰਚੇ ਜ਼ਿਲ੍ਹਾ ਅੰਮ੍ਰਿਤਸਰ ਦੀ ਮੀਟਿੰਗ ਜਿਲਾ ਕਨਵੀਨਰ ਗੁਰਬਿੰਦਰ ਸਿੰਘ ਖਹਿਰਾ, ਸੰਤਸੇਵਕ ਸਿੰਘ ਸਰਕਾਰੀਆ, ਗਗਨਦੀਪ ਸਿੰਘ ਖਾਲਸਾ ਦੀ ਸਾਂਝੀ ਪ੍ਰਧਾਨਗੀ ਹੇਠ ਜਿਲਾ ਪਰਿਸ਼ਦ ਦਫਤਰ ਗਰਾਊਂਡ ਵਿਖੇ ਹੋਈ। ਆਗੂਆਂ ਵਲੋਂ ਸਾਂਝਾ ਪ੍ਰੈਸ ਨੋਟ ਜਾਰੀ ਕਰਦੇ ਹੋਏ ਦੱਸਿਆ ਕਿ ਪੁਰਾਣੀ ਪੈਨਸ਼ਨ ਬਹਾਲੀ ਸਾਂਝੇ ਮੋਰਚੇ ਵੱਲੋਂ 25 ਫਰਵਰੀ ਦਿਨ ਐਤਵਾਰ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਸ਼ਹਿਰ ਸੰਗਰੂਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕੀਤੀ ਜਾਵੇਗੀ।ਸੰਗਰੂਰ ਰੈਲੀ ਦੀ ਤਿਆਰੀ ਅਤੇ ਸਾਂਝ ਦੇ ਸੁਨੇਹੇ ਨੂੰ ਜ਼ਮੀਨੀ ਪੱਧਰ ਤੇ ਲੈ ਕੇ ਜਾਣ ਲਈ ਅੱਜ 10 ਫਰਵਰੀ ਨੂੰ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਕੀਤੀਆਂ ਜਾਣਗੀਆਂ। ਅਮਰਜੀਤ ਸਿੰਘ ਕਲੇਰ ,ਅਜੇ ਸਨੋਤਰਾ, ਸੁਖਜਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ 18-11-2022 ਨੂੰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਸਬੰਧੀ ਇੱਕ ਪੱਤਰ ਜਾਰੀ ਕੀਤਾ ਗਿਆ ਸੀ ਪਰ ਉਸ ਦੀ ਲਗਭਗ ਇੱਕ ਸਾਲ ਦੋ ਮਹੀਨੇ ਬੀਤ ਜਾਣ ਦੇ ਬਾਵਜੂਦ ਵੀ ਪੰਜਾਬ ਦੇ ਇੱਕ ਵੀ ਮੁਲਾਜ਼ਮ ਦਾ ਜੀਪੀਐਫ ਖਾਤਾ ਨਹੀਂ ਖੋਲਿਆ ਅਤੇ ਨਾ ਹੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਸਬੰਧੀ ਐਸ ਓ ਪੀਜ ਤੇ ਸਪਸ਼ਟ ਹਦਾਇਤਾਂ ਜਾਰੀ ਕੀਤੀਆਂ ਹਨ। ਜਿਸ ਨਾਲ ਪੰਜਾਬ ਦੇ ਲਗਭਗ ਸਵਾ ਦੋ ਲੱਖ ਐਨਪੀਐਸ ਮੁਲਾਜ਼ਮ ਸਖਤ ਰੋਸ ਵਿੱਚ ਚੱਲ ਰਹੇ ਹਨ। ਪੰਜਾਬ ਦੇ ਐਨਪੀਐਸ ਮੁਲਾਜ਼ਮਾਂ ਦਾ ਗੁੱਸਾ ਪੰਜਾਬ ਸਰਕਾਰ ਪ੍ਰਤੀ ਦਿਨੋ ਦਿਨ ਵੱਧ ਰਿਹਾ ਹੈ। ਪਰ ਪੰਜਾਬ ਸਰਕਾਰ ਕੁੰਭ ਕਰਨ ਦੀ ਨੀਂਦ ਸੁੱਤੀ ਪਈ ਹੈ ਅਤੇ ਪੰਜਾਬ ਵਿੱਚ ਪੁਰਾਣੀ ਪੈਨਸ਼ਨ ਲਾਗੂ ਕਰਨ ਤੋਂ ਟਾਲ ਮਟੋਲ ਦੀ ਨੀਤੀ ਵਰਤ ਰਹੀ ਹੈ। ਨਿਰਮਲ ਸਿੰਘ, ਰਜੇਸ਼ ਪਰਾਸ਼ਰ, ਹੀਰਾ ਭੱਟੀ ਵੱਲੋਂ ਪੰਜਾਬ ਦੇ ਸਮੂਹ ਐਨਪੀਐਸ ਮੁਲਾਜ਼ਮਾਂ ਨੂੰ ਅਪੀਲ ਕੀਤੀ ਗਈ ਕਿ ਪੰਜਾਬ ਦੇ ਸਾਰੇ ਐਨਪੀਐਸ ਮੁਲਾਜ਼ਮ ਜਿਲ੍ਹਾ ਪੱਧਰੀ ਮੀਟਿੰਗਾਂ ਤੇ 25 ਫਰਵਰੀ ਨੂੰ ਸੰਗਰੂਰ ਵਿਖੇ ਹੋਣ ਜਾ ਰਹੀ ਇਤਿਹਾਸਿਕ ਸੂਬਾ ਪੱਧਰੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਤੇ ਐਨਪੀਐਸ ਦੀ ਬਿਮਾਰੀ ਨੂੰ ਖਤਮ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਵਾਉਣ ਲਈ ਸੰਘਰਸ਼ ਵਿੱਚ ਸ਼ਾਮਿਲ ਹੋਣ।

ਇਸ ਮੌਕੇ ਅਸ਼ਵਨੀ ਅਵਸਥੀ, ਜਰਮਨਜੀਤ ਸਿੰਘ, ਪ੍ਰਭਜੀਤ ਸਿੰਘ ਉੱਪਲ,ਗੁਰਦੀਪ ਸਿੰਘ, ਮਨਿੰਦਰ ਸਿੰਘ, ਕਵਲਜੀਤ ਕੌਰ ,ਹਰਪ੍ਰੀਤ ਕੌਰ , ਗੁਰਕਿਰਪਾਲ ਸਿੰਘ, ਸੁਰਜੀਤ ਸਿੰਘ ਫੋਰੂਮਾਨ ,ਜਗਦੀਪ ਸਿੰਘ, ਸਾਹਿਬ ਸੋਨੂ, ਆਸ਼ੀਸ਼ ਕੁਮਾਰ, ਬਲਵਿੰਦਰ ਸਿੰਘ, ਸਤਨਾਮ ਸਿੰਘ, ਮੁਕੇਸ਼ ਕੁਮਾਰ, ਅਮਰਪ੍ਰੀਤ ਸਿੰਘ, ਰਵੇਲ ਸਿੰਘ ,ਨਰੇਸ਼ ਕੁਮਾਰ, ਮਨੀਸ਼ ਪੀਟਰ, ਵਿਜੇ ਕੁਮਾਰ ,ਰਵਿੰਦਰ ਸਿੰਘ ,ਗੁਰਦੇਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

# ਖਾਲਸਾ ਸਕੂਲ ਦੇ ਪੁਰਾਣੇ ਵਿਦਿਆਰਥੀ ਵੇਟ ਲਿਫਟਰ ਹਰਪ੍ਰੀਤ ਸਿੰਘ ਦਾ ਕੀਤਾ ਗਿਆ ਸਕੂਲ ਵਲੋਂ ਵਿਸ਼ੇਸ਼ ਸਨਮਾਨ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 12 ਫਰਵਰੀ (ਦਵਿੰਦਰਪਾਲ ਸਿੰਘ):

ਇਲਾਕੇ ਦੀ ਸਾਰਿਆਂ ਤੋਂ ਪੁਰਾਣੀ ਵਿਦਿਅਕ ਸੰਸਥਾ ਐਸ.ਜੀ.ਐਸ. ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਕੌਮਾਂਤਰੀ ਪੱਧਰ ਤੇ ਭਾਰ ਤੋਲਣ ਵਿੱਚ ਜਰਮਨ ਵਿਖੇ ਚਾਂਦੀ ਦਾ ਤਗਮਾ ਜਿੱਤਣ ਵਾਲੇ ਸਕੂਲ ਦੇ ਪੁਰਾਣੇ ਵਿਦਿਆਰਥੀ ਹਰਪ੍ਰੀਤ ਸਿੰਘ ਲੱਕੀ ਦਾ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵਲੋਂ ਸਲਾਨਾ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਸਕੂਲ ਮੁੱਖੀ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਕਿਹਾ ਕਿ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਸਾਡੇ ਸਕੂਲ ਦੇ ਪੁਰਾਣੇ ਵਿਦਿਆਰਥੀ ਲੱਕੀ ਵਲੋਂ ਕੌਮਾਂਤਰੀ ਪੱਧਰ ਤੇ ਨਾਮਣਾ ਖੱਟਿਆ ਗਿਆ ਹੈ।ਇਹ ਇਕੱਲੇ ਲੱਕੀ ਲਈ ਹੀ ਨਹੀਂ ਸਗੋ ਸਮੁੱਚੇ ਇਲਾਕੇ ਲਈ ਮਾਣ ਵਾਲੀ ਗੱਲ ਹੈ। ਅਤੇ ਸਕੂਲ ਵਲੋਂ ਉਹਨਾ ਦਾ ਸਨਮਾਨ ਕਰਕੇ ਮਾਣ ਮਹਿਸੂਸ ਕੀਤਾ ਜਾ ਰਿਹਾ ਹੈ।ਇਸ ਤੋਂ ਪਹਿਲਾਂ ਭਾਰ ਤੋਲਕ ਲੱਕੀ ਨੇ ਸਕੂਲ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਇਸ ਸਕੂਲ ਦੇ 1994 ਤੋਂ 99 ਤੱਕ ਵਿਦਿਆਰਥੀ ਰਹੇ ਹਨ। ਅਤੇ ਸਕੂਲ ਵਲੋਂ ਦਿੱਤੇ ਸਨਮਾਨ ਕਰਕੇ ਉਹਨਾਂ ਨੂੰ ਹੋਰ ਕੰਮ ਕਰਨ ਦੀ ਸ਼ਕਤੀ ਮਿਲੀ ਹੈ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਮੈਨ ਕਮਿੱਕਰ ਸਿੰਘ ਡਾਢੀ, ਐਡ. ਪਾਖਰ ਸਿੰਘ ਭੱਠਲ, ਨਗਰ ਕੌਸ਼ਲ ਦੇ ਸਾਬਕਾ ਪ੍ਰਧਾਨ ਮਹਿੰਦਰ ਸਿੰਘ ਵਾਲੀਆ, ਵਪਾਰ ਮੰਡਲ ਦੇ ਜਿਲ੍ਹਾ ਪ੍ਰਧਾਨ ਜਸਵੀਰ ਸਿੰਘ ਅਰੋੜਾ, ਨੰਬਰਦਾਰ ਕੁਲਦੀਪ ਸਿੰਘ, ਸੁਖਵਿੰਦਰ ਸਿੰਘ ਬਿੱਟੂ, ਡਾਇਰੈਕਟ ਗੁਰਮਿੰਦਰ ਸਿੰਘ ਭੁੱਲਰ, ਐਨ.ਸੀ.ਸੀ. ਅਫਸਰ ਰਣਜੀਤ ਸਿੰਘ,



ਰਾਜਵਿੰਦਰ ਸਿੰਘ ਸੋਢੀ, ਪ੍ਰਿੰਸੀਪਲ ਕੇਵਲ ਸਿੰਘ, ਅਜਮੇਰ ਸਿੰਘ ਕੁਨਰ, ਜੁਝਾਰ ਸਿੰਘ ਮੁਲਤਾਨੀ, ਦਰਸ਼ਨ ਸਿੰਘ ਕੰਧੋਲਾ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜਰ ਸਨ।

# ਸਕੂਲ ਵੈਨ ਤੇ ਬੱਸ ਵਿਚਾਲੇ ਟੱਕਰ, ਇੱਕ ਬੱਚੇ ਦੀ ਮੌਤ- 8 ਹੋਰ ਜ਼ਖ਼ਮੀ

ਲੋਕ ਬਾਣੀ/ ਨਵੀਂ ਦਿੱਲੀ-

ਉੱਤਰ ਪ੍ਰਦੇਸ਼ ਵਿੱਚ ਕਾਨਪੁਰ ਜ਼ਿਲ੍ਹੇ ਦੇ ਬਿਲਹੌਰ ਇਲਾਕੇ ਵਿੱਚ ਇੱਕ ਸਕੂਲ ਵੈਨ ਦੀ ਟਰੱਕ ਨਾਲ ਟੱਕਰ ਹੋ ਗਈ, ਜਿਸ ਕਾਰਨ ਇੱਕ ਬੱਚੇ ਦੀ ਮੌਤ ਹੋ ਗਈ ਅਤੇ 8 ਹੋਰ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਹਸਪਤਾਲ ਦਾਖ਼ਲ ਕਰਵਾਇਆ ਗਿਆ। ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਉਧਰ ਦੂਜੇ ਪਾਸੇ, ਜੰਮੂ-ਕਸ਼ਮੀਰ ਦੇ ਊਧਮਪੁਰ ਜ਼ਿਲੇ 'ਚ ਕਾਰ ਅਤੇ ਟਰੱਕ ਵਿਚਾਲੇ ਹੋਈ ਟੱਕਰ 'ਚ ਇਕ ਹੀ ਪਰਿਵਾਰ ਦੇ ਚਾਰ ਮੈਂਬਰਾਂ ਦੀ ਮੌਤ ਹੋ ਗਈ ਸੀ। ਇਸ ਦੇ ਨਾਲ ਹੀ ਇਕ ਲੜਕੀ ਜ਼ਖਮੀ ਹੋ ਗਈ ਅਤੇ ਉਸ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਉਸ ਦੀ ਹਾਲਤ ਸਥਿਰ ਹੈ। ਇਹ ਹਾਦਸਾ ਜੰਮੂ-ਸ਼੍ਰੀਨਗਰ ਹਾਈਵੇ 'ਤੇ ਟਿੱਕਰੀ ਨੇੜੇ ਵਾਪਰਿਆ।

ਇਸ ਤੋਂ ਇਲਾਵਾ ਆਂਧਰਾ ਪ੍ਰਦੇਸ਼ ਵਿੱਚ ਇੱਕ ਭਿਆਨਕ ਸੜਕ ਹਾਦਸੇ ਦੀ ਖਬਰ ਸਾਹਮਣੇ ਆ ਰਹੀ ਹੈ। ਨੇਲੋਰ ਜ਼ਿਲੇ ਦੇ ਮੁਸੁਨੂਰੁ ਟੋਲ ਪਲਾਜ਼ਾ 'ਤੇ ਇਕ ਬੱਸ ਦੀ ਟੱਕਰ ਵਿਚ 4 ਲੋਕਾਂ ਦੀ ਮੌਤ ਹੋ ਗਈ ਅਤੇ 15 ਜ਼ਖ਼ਮੀ ਹੋ ਗਏ। ਕਵਾਲੀ ਦੇ ਡੀਐਸਪੀ ਵੈਂਕਟਰਮਨ ਨੇ ਇਹ ਜਾਣਕਾਰੀ ਦਿੱਤੀ।




# ਸਰਕਾਰੀ ਹਾਈ ਸਕੂਲ ਮਟੌਰ ਵਿਖੇ ਕਰਵਾਇਆ ਗਿਆ ਸਲਾਨਾ ਸਮਾਗਮ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 12 ਫਰਵਰੀ (ਦਵਿੰਦਰਪਾਲ ਸਿੰਘ)

: ਇੱਥੋਂ ਦੇ ਸ਼ਹੀਦ ਸਿਪਾਹੀ ਪਰਗਣ ਸਿੰਘ ਸਰਕਾਰੀ ਹਾਈ ਸਕੂਲ ਮਟੌਰ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਜਿਸ ਵਿੱਚ ਸਕੂਲ ਮੁਖੀ ਗੁਰਜਤਿੰਦਰਪਾਲ ਸਿੰਘ ਨੇ ਬੋਲਦਿਆਂ ਸਕੂਲ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਅਤੇ ਨਾਲ ਹੀ ਕਿਹਾ ਕਿ ਨਗਰ ਕੌਸ਼ਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਵਲੋਂ ਸਕੂਲ ਦੀ ਹਮੇਸ਼ਾ ਮਦਦ ਕੀਤੀ ਜਾਂਦੀ ਹੈ। ਇਸ ਤੋਂ ਬਾਅਦ ਸਕੂਲ ਵਿਦਿਆਰਥੀਆਂ ਵਲੋਂ ਰੰਗਾ–ਰੰਗ ਸਮਾਗਮ ਵੀ ਪੇਸ਼ ਕੀਤਾ ਗਿਆ। ਅੰਤ ਵਿੱਚ ਸੇਵਾ ਮੁਕਤ ਅਧਿਆਪਕ ਰਾਮ ਸਿੰਘ ਵਲੋਂ ਸਾਂਝੇ ਤੌਰ ਤੇ ਵਿਦਿਆਰਥੀਆਂ ਨੂੰ ਇਨਾਮ ਵੀ ਤਕਸੀਮ ਵੀ ਕੀਤੇ ਗਏ।ਮੰਚ ਸੰਚਾਲਣ ਦੀ ਸੇਵਾ ਮਨਦੀਪ ਕੌਰ ਅਤੇ ਕੁਲਵੰਤ ਸਿੰਘ ਵਲੋਂ ਨਿਭਾਈ ਗਈ। ਇਸ ਮੌਕੇ ਚੇਅਰਪਰਸ਼ਨ ਰਮਨਦੀਪ ਕੌਰ, ਰਕੇਸ਼ ਕੁਮਾਰ, ਮਹਿੰਦਰ ਸਿੰਘ, ਇਕਬਾਲ ਸਿੰਘ, ਰੋਹਿਤ, ਤਰਨਜੀਤ ਸਿੰਘ, ਜ਼ਸਪਾਲ ਕੌਰ, ਅਮਨਦੀਪ ਕੌਰ, ਨੀਲਮ ਕੌਰ, ਲਖਵਿੰਦਰ ਕੌਰ, ਕੁਲਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਮਾਪੇ ਵੀ ਹਾਜਰ ਸਨ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ ਐੱਸ.ਐੱਸ.ਐੱਮ ਕਾਲਜ ਦੀਨਾਨਗਰ ਦੇ ਵਿਦਿਆਰਥੀਆਂ ਦੀ ਕੈਰੀਅਰ ਕਾਊਂਸਲਿੰਗ ਕੀਤੀ

ਲੋਕ ਬਾਣੀ/ ਦੀਨਾਨਗਰ , 12 ਫਰਵਰੀ ( ਡਾ.ਰਮੇਸ਼ ਸਰੰਗਲ)

– ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿਚ ਡਿਪਟੀ ਕਮਿਸ਼ਨਰ–ਕਮ–ਚੇਅਰਮੈਨ ਡੀ.ਬੀ.ਈ.ਈ. ਡਾ: ਹਿਮਾਂਸ਼ੂ ਅਗਰਵਾਲ ਆਈ.ਏ.ਐੱਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਧੀਕ ਡਿਪਟੀ ਕਮਿਸ਼ਨਰ(ਜ)–ਕਮ–ਸੀ.ਈ.?.ਡੀ.ਬੀ.ਈ.ਈ. ਗੁਰਦਾਸਪੁਰ ਸ੍ਰੀ ਸੁਭਾਸ਼ ਚੰਦਰ ਦੀ ਰਹਿਨੁਮਾਈ ਅਤੇ ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਤੇ ਸਿਖਲਾਈ ਅਫ਼ਸਰ ਸ੍ਰੀ ਪ੍ਰਸ਼ੋਤਮ ਸਿੰਘ ਦੇ ਪ੍ਰਬੰਧਾਂ ਹੇਠ ਐੱਸ.ਐੱਸ.ਐੱਮ ਕਾਲਜ ਦੀਨਾਨਗਰ ਦੇ ਵਿਦਿਆਰਥੀਆਂ ਨੂੰ ਰੋਜ਼ਗਾਰ ਅਤੇ ਸਵੈ–ਰੋਜ਼ਗਾਰ ਮੁਹੱਈਆ ਕਰਵਾਉਣ ਲਈ ਕੈਰੀਅਰ ਗਾਈਡੈਂਸ ਦਿੰਦਿਆਂ ਹੋਇਆ ਕਾਊਂਸਲਿੰਗ ਕੀਤੀ ਗਈ ਅਤੇ ਉਨ੍ਹਾਂ ਨੂੰ ਆਪਣੀ ਪਸੰਦ ਦੇ ਰੋਜ਼ਗਾਰ/ਸਵੈ–ਰੋਜ਼ਗਾਰ ਦੀ ਪ੍ਰਾਪਤੀ ਲਈ ਗਾਈਡੈਂਸ ਦਿੱਤੀ ਗਈ।




ਇਸ ਮੌਕੇ ਗੱਲਬਾਤ ਕਰਦਿਆਂ ਵਿਦਿਆਰਥੀਆਂ ਨੇ ਮਾਹਿਰਾਂ ਕੋਲੋਂ ਆਪਣੇ ਆਪਣੇ ਸਵਾਲ ਪੁੱਛੇ ਅਤੇ ਉਹਨਾਂ ਕੋਲੋਂ ਤਸੱਲੀਬਖ਼ਸ਼ ਜਵਾਬ ਹਾਸਿਲ ਕੀਤੇ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਸ੍ਰੀ ਪ੍ਰਸ਼ੋਤਮ ਸਿੰਘ ਚਿੱਬ, ਸ੍ਰੀ ਚਾਂਦ ਸਿੰਘ ਠਾਕੁਰ, ਸ੍ਰੀ ਗਗਨਦੀਪ ਸਿੰਘ ਧਾਲੀਵਾਲ, ਸ੍ਰੀ ਪਰਮਿੰਦਰ ਸਿੰਘ ਸੈਣੀ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਅਤੇ ਸ੍ਰੀ ਵਰੁਣ ਪੁਰੀ ਨੇ ਬਿਊਰੋ ਵਿਚ ਆਏ ਵਿਦਿਆਰਥੀਆਂ ਨੂੰ ਵਿਸਥਾਰ ਸਹਿਤ ਮੁਕਾਬਲਿਆਂ ਦੀਆਂ ਪ੍ਰੀਖਿਆਵਾਂ, ਹੁਨਰ ਅਤੇ ਰੋਜ਼ਗਾਰ, ਸਟ੍ਰੈੱਸ ਮੈਨੇਜਮੈਂਟ, ਟਾਈਮ ਮੈਨੇਜਮੈਂਟ, ਸਾਫ਼ਟ ਸਕਿੱਲ ਅਤੇ ਜ਼ਿਲ੍ਹਾ ਰੋਜ਼ਗਾਰ ਬਿਊਰੋ ਵਿਚ ਚੱਲ ਰਹੀਆਂ ਵੱਖ–ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ।

ਜ਼ਿਲ੍ਹਾ ਰੋਜ਼ਗਾਰ ਅਫ਼ਸਰ ਸ੍ਰੀ ਪ੍ਰਸ਼ੋਤਮ ਸਿੰਘ ਚਿੱਬ ਨੇ ਵਿਦਿਆਰਥੀਆਂ ਨੂੰ ਖ਼ਾਸ ਤੌਰ ਤੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਬਿਊਰੋ ਜਿੱਥੇ ਵਿਦਿਆਰਥੀਆਂ ਨੂੰ ਸਰਕਾਰੀ ਅਤੇ ਪ੍ਰਾਈਵੇਟ ਨੌਕਰੀਆਂ ਬਾਰੇ ਜਾਣਕਾਰੀ ਮੁਹੱਈਆ ਕਰਵਾਉਂਦਾ ਹੈ ਉੱਥੇ ਨਾਲ ਹੀ ਉਨ੍ਹਾਂ ਨੂੰ ਸਮੇਂ ਸਿਰ ਅਪਲਾਈ ਕਰਵਾਉਣ ਵਿਚ ਵੀ ਸਹਾਇਤਾ ਕਰਦਾ ਹੈ।

ਜ਼ਿਲ੍ਹਾ ਰੋਜ਼ਗਾਰ ਬਿਊਰੋ ਵਿਚ ਉਨ੍ਹਾਂ ਨੌਜਵਾਨਾਂ ਲਈ ਪ੍ਰੋਜੈਕਟ ਤਿਆਰ ਕਰਵਾਉਣ ਲਈ ਅਗਵਾਈ ਦਿੰਦਾ ਹੈ , ਜਿਹੜੇ ਨੌਜਵਾਨ ਆਪਣਾ ਸਵੈ–ਰੋਜ਼ਗਾਰ ਸ਼ੁਰੂ ਕਰਨਾ ਚਾਹੁੰਦੇ ਹਨ। ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਦੱਸਿਆ ਕਿ ਲੋੜ ਪੈਣ ਤੇ ਵਿਦਿਆਰਥੀ ਇਸ ਦਫ਼ਤਰ ਨਾਲ ਕੈਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਸਬੰਧੀ ਸੰਪਰਕ ਕਰ ਸਕਦੇ ਹਨ।

# ਡੇਰਾ ਸੱਚਾ ਸੌਦਾ ਦੀ ਪੈਰੋਕਾਰ ਮਾਤਾ ਸੱਤਿਆ ਦੇਵੀ ਮਰਨ ਉਪਰੰਤ ਅੱਖਾਂ ਦਾਨ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 12 ਫਰਵਰੀ

ਜਾਣਕਾਰੀ ਦਿੰਦਿਆਂ ਅੱਖਾਂ ਦਾਨ ਸੰਸਥਾ ਨਵਾਂਸ਼ਹਿਰ ਦੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਦੱਸਿਆ ਕਿ ਡੇਰਾ ਸੱਚਾ ਸੌਦਾ ਸਿਰਸਾ ਦੇ ਪੈਰੋਕਾਰ ਸ੍ਰੀ ਪਰਸ ਰਾਮ ਦੀ ਪਤਨੀ ਮਾਤਾ ਸੱਤਿਆ ਦੇਵੀ ਜੋ ਕਿ ਪਿੰਡ ਘਾਗੋਂ ਰੋਡਾਂ ਵਾਲੀ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਦਾ ਦੇਹਾਂਤ ਹੋ ਗਿਆ ਸੀ ? ਉਸ ਤੋਂ ਬਾਅਦ ਗੋਰਾਇਆ ਨਿਵਾਸੀ ਸਮਾਜ ਸੇਵੀ ਹੈਪੀ ਮਾਹੀ ਜੀ ਰਾਹੀਂ ਮ੍ਰਿਤਕ ਦੇ ਸਪੁੱਤਰ ਸੋਹਨ ਲਾਲ ਨੇ ਅੱਖਾਂ ਦਾਨ ਸੰਸਥਾ ਨਵਾਂਸ਼ਹਿਰ ਦੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨਾਲ ਸੰਪਰਕ ਕੀਤਾ ਅਤੇ ਮ੍ਰਿਤਕ ਦੀ ਅੰਤਿਮ ਇੱਛਾ ਪੂਰੀ ਕਰਨ ਲਈ ਉਸ ਦੀਆਂ ਅੱਖਾਂ ਦਾਨ ਕਰਨ ਦਾ ਫੈਸਲਾ ਕੀਤਾ ਗਿਆ। ਤਾਂ ਜੋ ਇਹ ਅੱਖਾਂ ਹਨੇਰੇ ਦੀ ਜ਼ਿੰਦਗੀ ਜੀ ਰਹੇ ਦੋ ਵਿਅਕਤੀਆਂ ਦੀ ਜ਼ਿੰਦਗੀ ਵਿਚ ਰੌਸ਼ਨੀ ਲਿਆ ਸਕਣ! ਪਰਿਵਾਰ ਦੀ ਸਹਿਮਤੀ ਤੋਂ ਬਾਅਦ ਅੱਖਾਂ ਦਾਨ ਕਰਨ ਵਾਲੀ ਸੰਸਥਾ ਨਵਾਂਸ਼ਹਿਰ ਦੇ ਮੁਖੀ ਡਾ.ਜੇ.ਡੀ.ਵਰਮਾ ਦੀ ਅਗਵਾਈ ਹੇਠ ਸੰਸਥਾ ਦੇ ਮੈਂਬਰਾਂ ਨੇ ਮ੍ਰਿਤਕ ਦੀਆਂ ਅੱਖਾਂ ਇਕੱਤਰ ਕੀਤੀਆਂ। ਇਸ ਮੌਕੇ ਸੰਸਥਾ ਦੇ ਮੁਖੀ ਡਾ.ਜੇ.ਡੀ.ਵਰਮਾ ਅਤੇ ਜਨਰਲ ਸਕੱਤਰ ਰਤਨ ਕੁਮਾਰ ਜੈਨ ਨੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਸਹਿਯੋਗ ਦੇਣ ਲਈ ਮ੍ਰਿਤਕ ਦੇ ਪਰਿਵਾਰ ਦਾ ਧੰਨਵਾਦ ਕੀਤਾ। ਰਤਨ ਜੈਨ ਨੇ ਦੱਸਿਆ ਕਿ ਅੱਜ 551ਵੇਂ ਅੱਖਾਂ ਦਾਨੀ ਦੀਆਂ ਅੱਖਾਂ ਪ੍ਰਾਪਤ ਹੋ ਗਈਆਂ ਹਨ! ਇਹ ਅੱਖਾਂ ਪੁਨਰਜੋਤ ਆਈ ਬੈਂਕ ਸੋਸਾਇਟੀ, ਲੁਧਿਆਣਾ ਨੂੰ ਭੇਜੀਆਂ ਗਈਆਂ ਹਨ। ਜਿੱਥੇ ਦੋ ਲੋੜਵੰਦਾਂ ਨੂੰ ਦਿੱਤੀਆਂ ਜਾਣਗੀਆਂ! ਮ੍ਰਿਤਕ ਦੇ ਪੁੱਤਰਾਂ ਜਸਵਿੰਦਰ ਪਾਲ ਅਤੇ ਸਤਨਾਮ ਨੇ ਦੱਸਿਆ ਕਿ ਉਨ੍ਹਾਂ ਦੀ




ਦਾਦੀ ਡੇਰਾ ਸੱਚਾ ਸੌਦਾ ਸਿਰਸਾ ਵਾਲਿਆਂ ਦੇ ਪੈਰੋਕਾਰ ਸਨ ਅਤੇ ਉਥੋਂ ਹੀ ਪ੍ਰੇਰਨਾ ਲੈ ਕੇ ਉਨ੍ਹਾਂ ਨੇ ਮਰਨ ਉਪਰੰਤ ਅੱਖਾਂ ਦਾਨ ਕਰਨ ਦੀ ਇੱਛਾ ਪ੍ਰਗਟਾਈ ਸੀ। ਇਸ ਮੌਕੇ ਅੱਖਾਂ ਦਾਨ ਕਰਨ ਵਾਲੀ ਸੰਸਥਾ ਦੇ ਖਜ਼ਾਨਚੀ ਮਾਸਟਰ ਹੁਸਨ ਲਾਲ, ਅਸ਼ੋਕ ਸ਼ਰਮਾ ਸੇਵਾ ਮੁਕਤ ਬੈਂਕ ਮੈਨੇਜਰ, ਪਰਿਵਾਰਕ ਮੈਂਬਰਾਂ ਵਿਚ ਸੋਹਣ ਲਾਲ (ਪੁੱਤਰ), ਕਮਲੇਸ਼ ਰਾਣੀ, ਜਸਵਿੰਦਰ ਪਾਲ, ਸਤਨਾਮ (ਪੁੱਤਰ) ਸਰੋਜ ਰਾਣੀ, ਰੇਖਾ ਰਾਣੀ, ਹਰਜਿੰਦਰ ਸਿੰਘ,ਹਰਪ੍ਰੀਤ ਸਿੰਘ, ਲਖਵਿੰਦਰ ਹਨੀ, ਵਿੱਕੀ ਤੋਂ ਇਲਾਵਾ ਹੋਰ ਵੀ ਪਤਵੰਤੇ ਹਾਜ਼ਰ ਸਨ!

# ਖਾਲਸਾ ਕਾਲਜ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ ਕੀਤਾ ਕਾਲਜ ਦਾ ਨਾਮ ਰੋਸ਼ਨ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 12 ਫਰਵਰੀ (ਦਵਿੰਦਰਪਾਲ ਸਿੰਘ)




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੀ ਵਿਦਿਆਰਥਣ ਐਨ.ਸੀ.ਸੀ ਵਿੰਗ 23 ਪੰਜਾਬ ਬਟਾਲੀਅਨ ਦੀ ਕੈਡਿਟ ਜਸਪ੍ਰੀਤ ਕੌਰ ਨੇ 26 ਜਨਵਰੀ ਗਣਤੰਤਰ ਦਿਵਸ ਤੇ ਪਰੇਡ ਵਿੱਚ ਸ਼ਾਮਿਲ ਹੋ ਕੇ ਕਾਲਜ ਅਤੇ ਪੂਰੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਦੱਸਣ ਯੋਗ ਹੈ ਕਿ ਪੰਜਾਬ, ਹਰਿਆਣਾ, ਹਿਮਾਚਲ ਵਿੱਚੋਂ ਸਿਰਫ ਤਿੰਨ ਕੈਡਿਟ ਪਰੇਡ ਲਈ ਚੁਣੀਆਂ ਗਈਆਂ ਸਨ,ਜਿਨਾਂ ਵਿੱਚੋਂ ਜਸਪ੍ਰੀਤ ਕੌਰ ਇੱਕ ਸੀ। ਗਣਤੰਤਰ ਦਿਵਸ ਤੋਂ ਬਾਅਦ ਕਾਲਜ ਪੁੱਜਣ ਤੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਅਤੇ ਸਮੂਹ ਸਟਾਫ ਦੁਆਰਾ ਜਸਪ੍ਰੀਤ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕੈਡਿਟ ਜਸਪ੍ਰੀਤ ਕੌਰ ਨੂੰ ਸਨਮਾਨਿਤ ਕਰਦੇ ਹੋਏ ਕਿਹਾ ਕਿ ਇਹ ਕਾਲਜ ਅਤੇ ਪੂਰੇ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਗਣਤੰਤਰ ਦਿਵਸ ਦੀ ਵੱਡੀ ਪਰੇਡ ਵਿੱਚ ਦਾਖਲ ਹੋ ਕੇ ਜਸਪ੍ਰੀਤ ਕੌਰ ਨੇ ਕਾਲਜ ਅਤੇ ਪੂਰੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਅਜਿਹੇ ਵਿਦਿਆਰਥੀਆਂ 'ਤੇ ਕਾਲਜ ਅਤੇ ਪੂਰੇ ਇਲਾਕੇ ਨੂੰ ਮਾਣ ਹੁੰਦਾ ਹੈ।

# ਹਾਕੀ ਟੂਰਨਾਮੈਂਟ ਦੌਰਾਨ ਆਸਰਾ ਫ਼ਾਉਂਡੇਸ਼ਨ ਵਲੋਂ ਬੱਚਿਆਂ ਨੂੰ ਦਿੱਤੀਆਂ ਹਾਕੀਆਂ

## ਹਾਕੀ ਕਲੱਬ ਵਲੋ ਕਰਵਾਇਆ ਜਾਂਦਾ ਹਾਕੀ ਟੂਰਨਾਮੈਂਟ ਸ਼ਲਾਘਾਯੋਗ ਉਪਰਾਲਾ - ਪ੍ਰਧਾਨ ਨਵੀਨ ਕੁਮਾਰ

ਲੋਕ ਬਾਣੀ/ ਸ਼੍ਰੀ ਅਨੰਦਪੁਰ ਸਾਹਿਬ, 12 ਫਰਵਰੀ (ਦਵਿੰਦਰਪਾਲ ਸਿੰਘ):

– ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਹਾਕੀ ਕਲੱਬ ਸ਼੍ਰੀ ਅਨੰਦਪੁਰ ਸਾਹਿਬ ਵਲੋ ਬੀਤੇ ਦਿਨੀਂ ਦੋ ਰੋਜ਼ ਸ਼ਾਨਦਾਰ ਹਾਕੀ ਟੂਰਨਾਮੈਂਟ ਕਰਵਾਇਆ ਗਿਆ। ਇਸ ਟੂਰਨਾਮੈਂਟ ਵਿੱਚ ਜਿੱਥੇ ਪੰਜਾਬ ਦੀਆਂ ਟੀਮਾਂ ਨੇ ਭਾਗ ਲਿਆ ਉਥੇ ਹੀ ਉੱਤਰ ਪ੍ਰਦੇਸ਼, ਹਰਿਆਣਾ, ਰਾਜਸਥਾਨ, ਹਿਮਾਚਲ ਦੀਆਂ ਟੀਮਾਂ ਦੇ ਖਿਡਾਰੀਆਂ ਨੇ ਵੀ ਹਾਕੀ ਦੇ ਜੌਹਰ ਵਿਖਾਏ। ਇਸ ਮੌਕੇ ਸਮਾਜ ਸੇਵੀ ਸੰਸਥਾ ਆਸਰਾ ਫ਼ਾਉਂਡੇਸ਼ਨ (ਰਜਿ:) ਸ਼੍ਰੀ ਅਨੰਦਪੁਰ ਸਾਹਿਬ ਵਲੋਂ ਹਾਕੀ ਕੋਚ ਕਮਲਪ੍ਰੀਤ ਸਿੰਘ ਮੱਟੂ ਵਲੋ ਹਾਕੀ ਦੀ ਸਿਖਲਾਈ ਲੈ ਰਹੇ ਛੋਟੇ ਬੱਚਿਆਂ ਨੂੰ ਹਾਕੀਆਂ ਦਿੱਤੀਆ ਗਈਆਂ। ਗੌਰਤਲਬ ਹੈ ਕਿ ਹਾਕੀ ਕੋਚ ਕਮਲਪ੍ਰੀਤ ਸਿੰਘ ਮੱਟੂ ਪਿਛਲੇ ਕਈ ਸਾਲਾਂ ਤੋਂ ਸਥਾਨਕ ਬੱਚਿਆਂ ਨੂੰ ਹਾਕੀ ਦੀ ਸਿਖਲਾਈ ਦੇ ਰਹੇ ਹਨ ਅਤੇ ਇਹਨਾ ਵਲੋ ਤਿਆਰ ਕੀਤੇ ਕਈ ਖਿਡਾਰੀ ਬਹੁਤ ਲੰਬੀਆਂ ਪੁਲਾਂਗਾ ਪੁੱਟ ਚੁੱਕੇ ਹਨ। ਇਸ ਮੌਕੇ ਹਾਕੀ ਕੋਚ ਕਮਲਪ੍ਰੀਤ ਸਿੰਘ ਮੱਟੂ ਅਤੇ ਹਾਕੀ ਕਲੱਬ ਵਲੋ ਆਸਰਾ ਫ਼ਾਉਂਡੇਸ਼ਨ ਦੀ ਸਮੁੱਚੀ ਟੀਮ ਦਾ ਧਨਵਾਦ ਕੀਤਾ ਗਿਆ। ਇਸ ਮੌਕੇ ਆਸਰਾ ਫ਼ਾਉਂਡੇਸ਼ਨ ਦੇ ਪ੍ਰਧਾਨ ਨਵੀਨ ਕੁਮਾਰ ਨੇ ਕਿਹਾ ਕਿ ਹਾਕੀ ਕਲੱਬ ਸ਼੍ਰੀ ਅਨੰਦਪੁਰ ਸਾਹਿਬ ਵਲੋ ਕਰਵਾਇਆ ਜਾਂਦਾ ਹਾਕੀ ਟੂਰਨਾਮੈਂਟ ਸ਼ਲਾਘਾਯੋਗ ਉਪਰਾਲਾ ਹੈ। ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਹਿਤ ਕਰਨਾ ਸਮੇਂ ਦੀ ਬਹੁਤ ਹੀ ਮਹੱਤਪੂਰਨ ਲੋੜ ਹੈ ਕਿਉਂਕਿ ਅੱਜ ਕੱਲ ਜਿਆਦਾਤਰ ਬੱਚੇ ਮੋਬਾਈਲ ਫੋਨਾਂ ਤੇ ਗੇਮਾ ਖੇਡਦੇ ਨਜ਼ਰ ਆਉਂਦੇ ਹਨ ਜਦੋਂਕਿ ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਘਰ ਤੋਂ ਬਾਹਰ ਮੈਦਾਨਾਂ ਵਿਚ ਖੇਡਣ ਲਈ ਭੇਜਣ ਜਿਸ ਨਾਲ ਬੱਚਿਆਂ ਦਾ ਸ਼ਰੀਰਕ ਅਤੇ ਦਿਮਾਗੀ ਸੰਤੁਲਨ ਬਣਿਆ ਰਹੇ। ਇਸ ਮੌਕੇ ਆਸਰਾ ਫ਼ਾਉਂਡੇਸ਼ਨ ਵਲੋ ਦਵਿੰਦਰਪਾਲ ਸਿੰਘ, ਧੀਰਜ ਘਈ, ਦੁਰੋਹਿਨ ਘਈ, ਅੰਕੁਸ਼ ਕੁਮਾਰ, ਲਹਿਰ ਕਪਲਿਸ਼, ਮਹਿੰਦਰਮੋਹਨ ਸਿੰਘ, ਅਣਖਪਾਲ ਸਿੰਘ ਅਤੇ ਹਾਕੀ ਕਲਬ ਦੇ ਮੈਂਬਰ ਡਾ. ਵੀਰਪਾਲ ਸਿੰਘ, ਸ. ਜਨਪਵਿਤਰਾ ਸਿੰਘ, ਮਾ. ਜਸਕਰਨ ਸਿੰਘ, ਡੀ ਪੀ ਅਮਰਜੀਤ ਸਿੰਘ, ਮਾ. ਗਗਨ ਪੁਰੀ, ਸ. ਕੁਲਤਾਰ ਸਿੰਘ ਮੀਆਂਪੁਰੀ, ਐਡਵੋਕੇਟ ਜਗਵੰਤ ਸਿੰਘ ਮੀਆਂਪੁਰੀ, ਬਾਬਾ ਕੁਲਵਿੰਦਰ ਸਿੰਘ, ਸ. ਹਰਵਿੰਦਰ ਸਿੰਘ ਬੇਲਾ, ਸ. ਹਰਮਿੰਦਰ ਸਿੰਘ ਗੋਪੀ, ਸ. ਗੁਰਮੁੱਖ ਸਿੰਘ ਆਦਿ ਹਾਜ਼ਰ ਸਨ।







# ਰਾਓ ਅੰਬੇਡਕਰ ਜੀ ਦੇ ਜਨਮ ਦਿਨ ਨੂੰ ਸਮਰਪਿਤ ਨਵਾਂਸ਼ਹਿਰ ਵਿਚ ਵਿਸ਼ਾਲ ਨਗਰ ਕੀਰਤਨ ਕਰਵਾਇਆ ਜਾਰਿਹਾ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 12 ਫਰਵਰੀ

ਧੰਨ ਧੰਨ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 647 ਵੇਂ ਪ੍ਰਕਾਸ਼ ਪੁਰਬ ਅਤੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਨ ਨੂੰ ਸਮਰਪਿਤ ਨਵਾਂਸ਼ਹਿਰ ਵਿਚ ਵਿਸ਼ਾਲ ਨਗਰ ਕੀਰਤਨ ਕਰਵਾਇਆ ਜਾਰਿਹਾ ਹੈ।ਜਿਕਰਯੋਗ ਇਹ ਗਲ ਸਾਮਣੇ ਉਭਰਕੇ ਆਈ ਹੈ ਕਿ ਜਿਥੋ ਜਿਥੋ ਨਗਰ ਕੀਰਤਨ ਜਾਣਾ ਹੈ ਸ਼ਹਿਰ ਦੀਆਂ ਉਹਨਾ ਮੇਨ ਸੜਕਾ ਸ਼੍ਰੀ ਗੁਰੂ ਰਵਿਦਾਸ ਨਗਰ ਤੋਂ ਲਾਲ ਚੋਂਕ,ਲਾਲ ਚੋਂਕ ਤੋਂ ਕਮੇਟੀ ਘਰ ਚੋਂਕ,ਕਮੇਟੀ ਘਰ ਚੋਂਕ ਤੋਂ ਕੋਠੀ ਰੋੜ ਭਾਈਆ ਜਲੇਵੀਆਂ ਵਾਲਾ ਚੋਂਕ, ਜਲੇਵੀਆਂ ਵਾਲੇ ਚੋਂਕ ਤੋਂ ਲੈਕੇ ਅੰਬੇਡਕਰ ਚੋਂਕ,ਅੰਬੇਡਕਰ ਚੋਂਕ ਤੋਂ ਲੈਕੇ ਮੰਜੀ ਸਾਹਿਬ ਗੇਟ,ਮੰਜੀ ਸਾਹਿਬ ਗੇਟ ਤੋਂ ਲੈਕੇ ਗੜਸ਼ੰਕਰ ਰੋੜ,ਗੜਸ਼ੰਕਰ ਰੋੜ ਤੋਂ ਲੈਕੇ ਚੰਡੀਗੜ੍ਹ ਚੋਂਕ,ਚੰਡੀਗੜ੍ਹ ਚੋਂਕ ਤੋਂ ਲੈਕੇ ਰਾਹੋਂ ਰੋੜ ਚੋਂਕ ਤੱਕ,ਰਾਹੋਂ ਰੋੜ ਚੋਂਕ ਤੋਂ ਸਾਰਾ ਰੇਲਵੇ ਰੋੜ,ਕਰਿਆਮ ਰੋੜ,ਨਵੀ ਅਬਾਦੀ ਦੀਆਂ ਸ਼ੜਕਾ ਆਦਿ ਵਿਚ ਡੂੰਘੇ ਡੂੰਘੇ ਟੋਏ ਖਸਤਾ ਹਾਲਤ ਦਾ ਆਲਮ ਬਣਿਆ ਹੋਈ ਹੈ।ਇਹਨਾ ਸਾਰੀਆਂ ਸੜਕਾਂ ਦੀ ਪੈਚ ਵਰਕ ਕਰਵਾਉਣ ਸੰਬੰਧੀ MLA ਡਾਕਟਰ ਨਛੱਤਰ ਪਾਲ ਜੀ ਦੇ ਹੁਕਮਾਂ ਅਨੁਸਾਰ ਜਿਲਾ ਪ੍ਰਧਾਨ ਸਰਬਜੀਤ ਜਾਫਰਪੁਰ ਜੀ ਦੀ ਅਗਵਾਈ ਹੇਠ ਬਹੁਜਨ ਸਮਾਜ ਪਾਰਟੀ ਦੇ ਸੀਨੀਅਰ ਮੈਂਵਰਾਂ ਦਾ ਇਕ ਬਫਦ ਡਿਪਟੀ ਕਮਿਸ਼ਨਰ ਸਾਹਿਬ ਨਵਾਂਸ਼ਹਿਰ ਜੀ ਨੂੰ ਮਿਲਿਆ ਜਿਸ ਵਿਚ ਸ਼ਹਿਰੀ ਪ੍ਰਧਾਨ ਮਾਸਟਰ ਪ੍ਰੇਮ ਰਤਨ,ਕੌਂਸਲਰ ਗੁਰਮੁੱਖ ਸਿੰਘ ਨੌਰਥ,ਦਫਤਰ ਇੰਚਾਰਜ ਗਿਆਨ ਚੰਦ,ਅਮਰੀਕ ਬੰਗਾ,ਸੋਨੂੰ ਲੱਧੜ,ਬਲਵਿੰਦਰ ਭੰਗਲ,ਮੇਜਰ ਸਿੰਘ ਘਟਾਰੋਂ,ਬਿਸ਼ਨ ਲਾਲ ਰਾਜਾ,ਕਸ਼ਮੀਰ ਸਿੰਘ ਅਤੇ ਹੋਰ ਸਾਥੀ ਵੀ ਹਾਜਰ ਸਨ ਜਿਹਨਾ ਨੇ ਕਿਹਾ ਕਿ ਅਗਰ ਗੁਰਪੁਰਬ ਤੋਂ ਪਹਿਲਾ ਸੜਕਾਂ ਦੀ ਮੁਰੰਮਤ ਨਾ ਹੋਈ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇ ਗਾ।

# ਡੇਅਰੀ ਸਿਖਲਾਈ ਨਾਲ ਸਬੰਧਤ ਕੋਰਸ 19 ਫਰਵਰੀ ਤੋਂ 19 ਮਾਰਚ 2024 ਤੱਕ ਚੱਲੇਗਾ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ -

ਪੰਜਾਬ ਡੇਅਰੀ ਵਿਕਾਸ ਬੋਰਡ/ਵਿਭਾਗ ਵੱਲੋਂ ਚਾਰ ਹ.ਫ਼ਤੇ ਡੇਅਰੀ ਉੱਦਮ ਸਿਖਲਾਈ ਕੋਰਸ ਮਿਤੀ 19 ਫਰਵਰੀ 2024 ਤੋਂ 19 ਮਾਰਚ 2024 (ਚਾਰ ਹ.ਫ਼ਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਚਾਹਵਾਨ ਡੇਅਰੀ ਫਾਰਮਰ ਜੋ ਘੱਟੋ-ਘੱਟ 10ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ,ਪੇਂਡੂ ਖੇਤਰ ਨਾਲ ਸਬੰਧਿਤ ਹੋਣ ਅਤੇ ਉਨ੍ਹਾਂ ਨੇ ਪਹਿਲਾਂ ਘੱਟੋ ਘੱਟ 05 ਪਸ਼ੂ ਰੱਖੇ ਹੋਣ ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਸ੍ਰੀ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਇਸ ਸਿਖਲਾਈ ਕੋਰਸ ਵਿੱਚ ਡੇਅਰੀ ਫਾਰਮਰਜ਼ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਿਰਾਂ ਵੱਲੋਂ ਪਸ਼ੂਆਂ ਦੀ ਸਾਂਭ ਸੰਭਾਲ ਵੱਖ-ਵੱਖ ਬਿਮਾਰੀਆਂ, ਮਨਸੂਹੀ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ। ਇਸ ਸਿਖਲਾਈ ਦੌਰਾਨ ਮਾਡਲ ਕੈਟਲ ਸ਼ੈੱਡਾਂ ਦੀ ਉਸਾਰੀ, ਦੁੱਧ ਚੁਆਈ ਮਸ਼ੀਨਾਂ ਅਤੇ ਡੇਅਰੀ ਦੇ ਧੰਦੇ ਦਾ ਮੁਕੰਮਲ ਮਸ਼ੀਨੀਕਰਨ ਲਈ ਲੋੜੀਂਦੀਆਂ ਤਕਨੀਕਾਂ ਅਤੇ ਸਬਸਿਡੀਆਂ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਿਖਲਾਈ ਕੋਰਸ ਲਈ ਕੌਂਸਲਿੰਗ ਮਿਤੀ 14 ਫਰਵਰੀ 2024 ਨੂੰ ਸਵੇਰੇ 10:00 ਵਜੇ ਦ.ਫ਼ਤਰ ਇੰਚਾਰਜ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਰੱਖੀ ਗਈ ਹੈ। ਚੁਣੇ ਹੋਏ ਸਿੱਖਿਆਰਥੀ ਜਨਰਲ ਕੈਟਾਗਰੀ ਲਈ ਫ਼ੀਸ 5000/- ਅਤੇ ਅ: ਜਾਤੀ ਲਈ 4000/- ਫ਼ੀਸ ਹੋਵੇਗੀ। ਅ:ਜਾਤੀ ਸਿੱਖਿਆਰਥੀਆਂ ਦੀ ਫ਼ੀਸ ਟਰੇਨਿੰਗ ਉਪਰੰਤ ਰਿਫੰਡ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਫੋਨ ਨੰਬਰ 80548-00880 'ਤੇ ਸੰਪਰਕ ਕੀਤਾ ਜਾ ਸਕਦਾ ਹੈ।



publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵਿਆਹ ਪੁਰਬ ਸਬੰਧੀ ਅੱਜ ਅਤੇ ਕੱਲ੍ਹ ਹੋਣਗੇ ਗੁਰਮਤਿ ਸਮਾਗਮ-: ਮੈਨੇਜਰ ਗੁਰਪ੍ਰੀਤ ਸਿੰਘ

## ਅੱਜ ਗੁਰਦੁਆਰਾ ਗੁਰੂ ਕੇ ਮਹਿਲ (ਭੋਰਾ ਸਾਹਿਬ) ਤੋਂ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ-: ਭਿੰਡਰ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 12 ਫਰਵਰੀ(ਦਵਿੰਦਰਪਾਲ ਸਿੰਘ)

: ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਆਨੰਦਕਾਰਜ ਲਾਹੌਰ ਨਿਵਾਸੀ (ਪਾਕਿਸਤਾਨ) ਹਰਜੱਸ ਜੀ ਦੀ ਸਪੁੱਤਰੀ ਜੀਤੋ ਜੀ ਨਾਲ ਗੁਰੂ ਕਾ ਲਾਹੌਰ ਗੁਰਦੁਆਰਾ ਆਨੰਦਕਾਰਜ ਸਾਹਿਬ (ਹਿ.ਪ੍ਰ.) ਵਿਖੇ ਹੋਏ। ਸ਼ਿਵਾਲਿਕ ਦੀਆਂ ਪਹਾੜੀਆਂ ਵਿੱਚ ਇਹ ਰਮਣੀਕ ਅਸਥਾਨ ਸਥਿੱਤ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਗੁਰਪ੍ਰੀਤ ਸਿੰਘ ਰੋਡੇ ਅਤੇ ਭਾਈ ਦਲਜੀਤ ਸਿੰਘ ਭਿੰਡਰ ਮੈਂਬਰ ਸ਼੍ਰੋਮਣੀ ਕਮੇਟੀ ਨੇ ਦੱਸਿਆ ਕਿ ਵਿਆਹ ਪੁਰਬ ਨੂੰ ਮਨਾਉਂਦਿਆਂ ਅੱਜ 13 ਫਰਵਰੀ ਨੂੰ ਸਵੇਰੇ ਗੁਰਦੁਆਰਾ ਗੁਰੂ ਕੇ ਮਹਿਲ (ਭੋਰਾ ਸਾਹਿਬ) ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਇਸੇ ਅਸਥਾਨ ਤੋਂ ਮਹਾਨ ਨਗਰ ਕੀਰਤਨ ਆਰੰਭ ਹੋ ਕੇ ਪੜਾਅ ਦਰ ਪੜਾਅ ਹੁੰਦਾ ਹੋਇਆ ਗੁਰਦੁਆਰਾ ਸਿਹਰਾ ਸਾਹਿਬ ਵਿਖੇ ਪਹੁੰਚੇਗਾ ਉਪਰੰਤ ਗੁਰਮਤਿ ਸਮਾਗਮ ਤੋਂ ਬਾਅਦ ਸ਼ਾਮ 3 ਵਜੇ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਤ੍ਰਿਬੈਣੀ ਸਾਹਿਬ ਉਪਰੰਤ ਗੁਰਦੁਆਰਾ ਆਨੰਦਕਾਰਜ ਸਾਹਿਬ (ਗੁਰੂ ਕਾ ਲਾਹੌਰ) ਵਿਖੇ ਸਮਾਪਤ ਹੋਵੇਗਾ। ਇਸੇ ਤਰ੍ਹਾਂ ਕੱਲ੍ਹ 14 ਫਰਵਰੀ ਨੂੰ ਸਵੇਰੇ ਗੁਰਦੁਆਰਾ ਸ੍ਰੀ ਆਨੰਦਕਾਰਜ ਸਾਹਿਬ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਦੀਵਾਨ ਸੱਜਣਗੇ। ਜਿੱਥੇ ਸੰਗਤਾਂ ਵੱਲੋਂ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਜਾਂਦੇ ਹਨ, ਉਥੇ ਹੀ ਕਿਲ੍ਹਾ ਅਨੰਦਗੜ੍ਹ ਸਾਹਿਬ ਦੇ ਮੁਖੀ ਬਾਬਾ ਸੁੱਚਾ ਸਿੰਘ ਅਤੇ ਬਾਬਾ ਸਤਨਾਮ ਸਿੰਘ ਵੱਲੋਂ



ਉਕਤ ਸਮਾਗਮ ਵਿੱਚ ਸ਼ਾਮਲ ਹੋ ਰਹੀਆਂ ਸੰਗਤਾਂ ਲਈ ਭਾਂਤ ਭਾਂਤ ਦੀਆਂ ਮਠਿਆਈਆਂ ਤਿਆਰ ਕਰਵਾਈਆਂ ਗਈਆਂ ਹਨ ਅਤੇ ਬਾਬਾ ਖੁਸ਼ਹਾਲ ਸਿੰਘ ਜੀ ਤੇ ਬਾਬਾ ਅਵਤਾਰ ਸਿੰਘ ਜੀ ਟਿੱਬੀ ਸਾਹਿਬ ਵਾਲੇ ਅਤੇ ਕਾਰਸੇਵਾ ਵਾਲੇ ਸੰਤ ਬਾਬਾ ਬਚਨ ਸਿੰਘ ਜੀ ਦਿੱਲੀ ਵਾਲਿਆਂ ਵੱਲੋਂ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸੰਗਤ ਸਮਾਗਮਾਂ ਵਿੱਚ ਹਾਜਰ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਉਹਨਾਂ ਨਾਲ ਸੰਦੀਪ ਸਿੰਘ ਕਲੋਤਾ, ਕਰਮਜੀਤ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

# ਅੱਜ ਬਿਜਲੀ ਸਵੇਰੇ 9:30 ਤੋਂ ਸ਼ਾਮ 6 ਵਜੇ ਤੱਕ ਬੰਦ ਰਹੇਗੀ

ਲੋਕ ਬਾਣੀ/ ਗੁਰਦਾਸਪੁਰ- ਨਵਨੀਤ ਕੁਮਾਰ -



ਵਧੀਕ ਨਿਗਰਾਨ ਇੰਜੀਨੀਅਰ ਸੰਚਾਲਣ ਮੰਡਲ ਗੁਰਦਾਸਪੁਰ ਇੰਜੀਨੀਅਰ ਕੁਲਦੀਪ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ 132 ਕੇ ਸਬ- ਸਟੇਸ਼ਨ ਹਰਦੋਛੰਨੀ ਰੋਡ ਗੁਰਦਾਸਪੁਰ ਤੋਂ ਚਲਦੇ 66 ਕੇ ਵੀ ਪੁੱਡਾ ਕਲੋਨੀ ਬਟਾਲਾ ਰੋਡ 66 ਕੇ ਵੀ ਨਿਊ ਗੁਰਦਾਸਪੁਰ ਸਕੀਮ ਨੰ -7 .66 ਕੇ ਵੀ ਸ / ਸ ਬੁੱਚੇ ਨੰਗਲ 66 ਕੇ ਵੀ ਸ/ਸ ਹਰਦੋਛੰਨੀ 66 ਕੇ.ਵੀ ਸ ਸ ਬਾਹਮਣੀ 66 ਕੇ ਵੀ ਸ/ ਸ ਗਾਹਲੜੀ ਅਤੇ ਇਹਨਾਂ ਸ/ਸ ਤੋਂ ਚਲਦੇ 11ਕੇ ਵੀ ਫੀਡਰ 11 ਕੇ ਵੀ 11 ਕੇ ਵੀ ਪੁੱਡਾ 1 ਅਤੇ 2 ਗੀਤਾ ਭਵਨ ਰੋਡ ਬਟਾਲਾ ਰੋਡ 11ਵੀ ਐਸ ਡੀ ਕਾਲਜ 11ਕੇ ਵੀ ਬਾਬਾ ਟਹਿਲ ਸਿੰਘ ਫੀਡਰ 11 ਕੇ ਵੀ ਗੋਲ ਫੀਡਰ 11 ਕੇ ਵੀ ਆਈ ਟੀ ਆਈ ਫੀਡਰ ਅਧੀਨ ਆਉਂਦੇ ਏਰੀਆ ਦੀ ਬਿਜਲੀ ਸਪਲਾਈ 132 ਕੇ ਵੀ ਸ / ਸ ਹਰਦੋਛੰਨੀ ਰੋਡ ਤੋਂ ਚਲਦੇ 66 ਕੇ ਵੀ ਬਸ ਬਾਰ ਦੀ ਆਗਊਮੈਟੇਸਨ ਅਤੇ 132 ਕੇ ਵੀ ਦੀ ਸਮਰੱਥਾ 220 ਕੇ ਵੀ ਵਧਾਉਣ ਕਾਰਨ ਅੱਜ ਦਿਨ ਮੰਗਲਵਾਰ ਸਵੇਰੇ 9.30 ਤੋਂ 6.00 ਤੱਕ ਬੰਦ ਰਹਿਗੀ ਇਹਨਾਂ ਫੀਡਰਾ ਅਧੀਨ ਆਉਂਦਾ ਏਰੀਆ ਸੁਖਜਿੰਦਰਾ ਕਾਲਜ ਕਾਹਨੂੰਵਾਨ ਰੋਡ ਜੀ ਟੀ ਰੋਡ ਬਟਾਲਾ ਸਾਈਡ ਸ੍ਰੀ ਰਾਮ ਸਰਨਮ ਕਲੋਨੀ ਐਸ ਡੀ ਕਾਲਜ ਤੋਂ ਲੈ ਕੇ ਮੇਹਰ ਚੰਦ ਰੋਡ ਤਿੱਬੜੀ ਰੋਡ ਪੁਲਿਸ ਕੰਟਰੋਲ ?ਕਾਰ ਨਗਰ ਹਨੂੰਮਾਨ ਚੌਂਕ ਗੀਤਾਂ ਭਵਨ ਰੋਡ ਸੰਗਲਪੁਰਾ ਰੋਡ ਜੀ ਟੀ ਰੋਡ ਬਟਾਲਾ ਸਾਈਡ ਆਦਰਸ਼ ਨਗਰ ਟਹਿਲ ਸਿੰਘ ਰੋਡ ਗੋਲ ਮੰਦਿਰ ਸਾਈਡ ਪੁਰਾਣਾਂ ਦਾਣਾ ਮੰਡੀ ਦਾ ਕੁੱਝ ਹਿੱਸਾ ਇੰਪਰੂਵਮੈਂਟ ਟਰੱਸਟ ਸਕੀਮ ਨੰ -7 ਦਾ ਏਰੀਆ ਨਾਗ ਮੰਦਰ ਸਾਈਡ ਰੰਧਾਵਾ ਕਲੋਨੀ ਇੰਡਸਟਰੀਅਲ ਏਰੀਆ ਦੀ ਸਪਲਾਈ ਪ੍ਰਭਾਵਿਤ ਰਹੇਗੀ

# ਬਾਜ਼ਾਰਾਂ ਵਿੱਚ ਚਾਈਨਾ ਡੋਰ ਸਬੰਧੀ ਕੀਤੀ ਛਾਪੇਮਾਰੀ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 12 ਫਰਵਰੀ(ਦਵਿੰਦਰਪਾਲ ਸਿੰਘ)



ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਅਨੰਦਪੁਰ ਸਾਹਿਬ ਦੇ ਵੱਖ ਵੱਖ ਬਾਜ਼ਾਰਾਂ ਵਿੱਚ ਚਾਈਨਾ ਡੋਰ ਸਬੰਧੀ ਛਾਪੇਮਾਰੀ ਕੀਤੀ ਗਈ। ਇਸ ਸਬੰਧੀ ਗੱਲ ਕਰਦਿਆਂ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਾਈਨਾ ਡੋਰ ਦੀ ਵਿਕਰੀ ਪੂਰਨ ਰੂਪ ਵਿੱਚ ਬੈਨ ਹੈ। ਸਰਕਾਰ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹੋਇਆ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਵੱਖ ਵੱਖ ਬਾਜ਼ਾਰਾਂ ਵਿੱਚ ਛਾਪੇਮਾਰੀ ਕੀਤੀ ਗਈ। ਨਗਰ ਕੌਂਸਲ ਦੇ ਅਧਿਕਾਰੀਆਂ ਵੱਲੋਂ ਕਚਹਿਰੀ ਰੋਡ ਬਾਜ਼ਾਰ, ਚੋਈ ਬਾਜ਼ਾਰ, ਨਵੀਂ ਆਬਾਦੀ, ਮਹੱਲਾ ਬੜੀ ਸਰਕਾਰ, ਅਟਾਰੀ ਮੁਹੱਲਾ ਬਾਜ਼ਾਰ, ਗੁਰਦੁਆਰਾ ਸੀਸਗੰਜ ਸਾਹਿਬ ਮਾਰਕੀਟ ਆਦਿ ਸਥਾਨਾਂ ਤੇ ਚਾਈਨਾ ਡੋਰ ਦੀ ਵਿਕਰੀ ਸਬੰਧੀ ਛਾਪੇਮਾਰੀ ਕੀਤੀ ਗਈ। ਪ੍ਰਧਾਨ ਜੀਤਾ ਨੇ ਕਿਹਾ ਕਿ ਜੇਕਰ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦਾ ਕੋਈ ਵੀ ਦੁਕਾਨਦਾਰ ਚਾਈਨਾ ਡੋਰ ਦੀ ਵਿਕਰੀ ਕਰਦਾ ਹੋਇਆ ਫੜਿਆ ਗਿਆ ਤਾਂ ਉਸ ਤੇ ਸਖਤ ਕਾਰਵਾਈ ਕੀਤੀ ਜਾਵੇਗੀ ਜਿਸ ਦੀ ਸਾਰੀ ਜਿੰਮੇਵਾਰੀ ਖੁਦ ਦੁਕਾਨਦਾਰ ਦੀ ਹੋਵੇਗੀ। ਇਸ ਮੌਕੇ ਮਦਨ ਲਾਲ ਸੈਨੇਟਰੀ ਇੰਸਪੈਕਟਰ, ਗੁਰਦੇਵ ਸਿੰਘ ਬਹਿਲੂ ਇੰਸਪੈਕਟਰ, ਸੁਲਿੰਦਰ ਕੁਮਾਰ ਸ਼ੰਟੂ, ਪਰਮਜੀਤ ਸੋਨੂ, ਰਮੇਸ਼ਵਰ ਸੋਨੀ, ਵਿਕਾਸ ਕੁਮਾਰ, ਅਜੇ ਕੁਮਾਰ ਆਦਿ ਹਾਜ਼ਰ ਸਨ।

# ਪਿੰਡ ਚੈਹੜਮਜਾਰਾ ਦੀਆ ਸੰਗਤਾਂ ਸ੍ਰੀ ਹਜੂਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ

## ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਵੱਲੋਂ ਕੀਤੀ ਗਈ ਰਵਾਨਗੀ ਦੀ ਅਰਦਾਸ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 12 ਫਰਵਰੀ(ਦਵਿੰਦਰਪਾਲ ਸਿੰਘ)

ਨੇੜਲੇ ਪਿੰਡ ਚੈਹੜਮਜ਼ਾਰਾ ਅਤੇ ਇਲਾਕੇ ਦੀਆਂ ਹੋਰ ਵੱਡੀ ਗਿਣਤੀ ਸੰਗਤਾਂ ਅੱਜ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਬੱਸ ਰਾਹੀਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲਨਗਰ (ਨਾਂਦੇੜ) ਦੇ ਦਰਸ਼ਨਾਂ ਲਈ ਰਵਾਨਾ ਹੋਈਆਂ। ਤਖਤ ਸ੍ਰੀ ਹਜੂਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ ਹੋਣ ਤੋਂ ਪਹਿਲਾਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਜੀ ਵੱਲੋਂ ਇਸ ਯਾਤਰਾ ਦੇ ਸੁੱਖੀ ਸਾਂਦੀ ਨੇਪਰੇ ਚਾੜ੍ਹਨ ਦੀ ਅਰਦਾਸ ਕੀਤੀ ਗਈ। ਜਥੇ ਦੇ ਸਾਥੀ ਸੁਰਜੀਤ ਸਿੰਘ ਚੈਹੜਮਜਾਰਾ ਨੇ ਦੱਸਿਆ ਕਿ ਗਵਾਲੀਅਰ ਇੰਦੌਰ ਅਤੇ ਹੋਰ ਵੱਖ ਵੱਖ ਸ਼ਹਿਰਾਂ ਤੋਂ ਹੁੰਦੀ ਹੋਈ ਇਹ ਯਾਤਰਾ ਸ੍ਰੀ ਹਜ਼ੂਰ ਸਾਹਿਬ ਵਿਖੇ ਪਹੁੰਚੇਗੀ ਅਤੇ ਉੱਥੇ ਸਥਿਤ ਵੱਖ-ਵੱਖ ਇਤਿਹਾਸਿਕ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨਾਂ ਉਪਰੰਤ 10 ਦਿਨ ਬਾਅਦ ਸੰਗਤਾਂ ਵਾਪਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣਗੀਆਂ। ਇਸ ਮੌਕੇ ਤਖਤ ਸਾਹਿਬ ਦੇ ਹੈਡ ਗ੍ਰੰਥੀ ਭਾਈ



ਜੋਗਿੰਦਰ ਸਿੰਘ, ਮੈਨੇਜਰ ਗੁਰਪ੍ਰੀਤ ਸਿੰਘ ਰੋਡੇ, ਅਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਦਿਆਲ ਸਿੰਘ, ਅਮਰਜੀਤ ਸਿੰਘ, ਵਿਕਰਮਜੀਤ ਸਿੰਘ, ਅਮਰਜੀਤ ਸਿੰਘ ਸਮੇਤ ਸੰਗਤਾਂ ਹਾਜਰ ਸਨ।

# ਜ਼ਿਲ੍ਹਾ ਕਾਂਗਰਸ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਜੇ ਮੰਗੂਪੁਰ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ, ਸਮਰਥਕਾਂ ਦਾ ਠਾਠਾ ਮਾਰਦਾ ਕਾਫ਼ਲਾ ਸਮਰਾਲੇ ਨੂੰ ਰਵਾਨਾ

## ਠਾਠਾ ਮਾਰਦੇ ਵਿਸ਼ਾਲ ਕਾਫਲੇ ਨਾਲ ਸਮਰਾਲਾ ਕਨਵੈਨਸ਼ਨ ਲਈ ਰਵਾਨਾ ਹੋਏ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ, ਪੰਜਾਬ ਤੇ ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਦੇ ਲੋਕ ਕਾਂਗਰਸ ਨੂੰ ਕਰਨ ਲੱਗੇ ਚੇਤੇ - ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ

ਲੋਕ ਬਾਣੀ/ ਬਲਾਚੌਰ, 12 ਫਰਵਰੀ

ਪੰਜਾਬ ਦੇ ਲੋਕ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਅਤੇ ਪੰਜਾਬ ਦੀ ਆਪ ਸਰਕਾਰ ਦੀਆਂ ਨੀਤੀਆਂ ਤੋਂ ਖਫਾ ਹੋ ਚੁੱਕੇ ਹਨ, ਕਿਉਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਸਰਕਾਰ ਬਣਨ ਉਪਰੰਤ ਸਿਰਫ ਲਾਰੇ ਹੀ ਰਹਿ ਗਏ ਹਨ। ਅਤੇ ਪੰਜਾਬ ਦੇ ਲੋਕ ਹੁਣ ਕਾਂਗਰਸ ਪਾਰਟੀ ਦੀ ਸਰਕਾਰ ਨੂੰ ਯਾਦ ਕਰਨ ਲੱਗ ਪਏ ਹਨ ਅਤੇ ਇਹੋ ਹਾਲ ਹੈ ਕੇਂਦਰ ਦੀ ਮੋਦੀ ਸਰਕਾਰ ਦਾ ਜਿਹੜੇ ਸਿਰਫ ਸ਼ਬਜਬਾਗ ਦਿਖਾਉਣ ਤੱਕ ਹੀ ਸੀਮਿਤ ਰਹਿ ਗਏ ਹਨ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਜੇ ਮੰਗੂਪੁਰ ਨੇ ਪਿੰਡ ਗੜ੍ਹੀ ਕਾਨੂੰਗੋਆ ਵਿਖੇ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਉਹ ਕਾਂਗਰਸੀ ਵਰਕਰਾਂ, ਅੱਹੁਦੇਦਾਰਾਂ ਅਤੇ ਸਮਰਥਕਾਂ ਦੇ ਠਾਠਾਂ ਮਾਰਦੇ ਕਾਫਲੇ ਨਾਲ ਪਿੰਡ ਬੇਦਲੀ, ਸਮਰਾਲਾ ਨੂੰ ਰਵਾਨਾ ਹੋਏ ਜਿੱਥੇ ਉਨ੍ਹਾਂ ਨੇ ਕੁੱਲ ਹਿੰਦ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕ ਅਰਜੁਨ ਖੜਗੇ ਵੱਲੋਂ ਵਿਸ਼ਾਲ ਸੂਬਾ ਪੱਧਰੀ ਕੰਨਵੈਸ਼ਨ ਕਰਨੀ ਸੀ। ਜ਼ਿਲ੍ਹਾਂ ਪ੍ਰਧਾਨ ਅਜੇ ਮੰਗੂਪੁਰ ਦੀ ਅਗਵਾਈ ਹੇਠ ਠਾਠਾਂ ਮਾਰਦਾ ਇਕੱਠ ਨੇ ਸਾਬਤ ਕਰ ਦਿੱਤਾ ਕਿ ਕਾਂਗਰਸ ਪਾਰਟੀ ਦੇ ਸਮਰਥਕਾਂ ਵਿੱਚ ਕਿਹਨਾ ਜਜ਼ਬਾ ਅਤੇ ਜਨੂਨ ਹੈ।ਇਸ ਮੌਕੇ ਅਜੇ ਮੰਗੂਪੁਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਕਿਸਾਨੀ ਸੰਘਰਸ਼ ਦੌਰਾਨ ਦੇਸ਼ ਦੇ ਅੰਨਦਾਤਾ ਨਾਲ ਝੂਠੇ ਵਾਅਦੇ ਕੀਤੇ, ਐਮ.ਐਸ.ਪੀ. ਦੀ ਗਰੰਟੀ ਸਿਰਫ ਇੱਕ ਡਰਾਮਾ ਸੀ। ਲਖੀਮਪੁਰ ਖੀਰੀ ਦੇ ਪੀੜਤ ਕਿਸਾਨਾਂ ਨੂੰ ਰਾਹਤ ਦੇਣ ਦੀ ਗੱਲ ਕੀਤੀ ਸੀ ਪਰ ਅਜੇ ਤੱਕ ਕਿਸਾਨ ਸੰਘਰਸ਼ ਕਰ ਰਹੇ ਹਨ। ਪਰ ਉਨ੍ਹਾਂ ਨੂੰ ਕੁੱਝ ਵੀ ਹਾਸਲ ਨਹੀਂ ਹੋਈਆਂ।




ਕਿਹਾ ਕਿ ਹੁਣ ਦੁਬਾਰਾ ਜਦੋਂ ਕਿਸਾਨ ਆਪਣੇ ਹੱਕਾਂ ਲਈ ਦਿੱਲੀ ਵੱਲ ਕੂਚ ਕਰਨ ਦੀ ਤਿਆਰੀ ਵਿਚ ਹਨ। ਪਰ ਹਰਿਆਣਾ ਦੀ ਖੱਟਰ ਸਰਕਾਰ ਮੁੱਖ ਸੜਕਾਂ 'ਤੇ ਵੱਡੇ ਵੱਡੇ ਸੀਮੈਂਟ ਦੇ ਬਲਾਕ ਅਤੇ ਹੋਰ ਕਈ ਤਰ੍ਹਾਂ ਦੀਆਂ ਰੋਕਾਂ ਲਾਉਣ ਦੀ ਪੂਰੇ ਜੋਸ਼ ਨਾਲ ਕੰਮ ਕਰ ਰਹੀ ਹੈ। ਇਸ ਮੌਕੇ ਸਾਬਕਾ ਵਿਧਾਇਕ ਚੌਧਰੀ ਦਰਸ਼ਨ ਲਾਲ ਮੰਗੂਪੁਰ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਗੱਲਤ ਨੀਤੀਆਂ ਕਾਰਨ ਪੰਜਾਬ ਰਾਜ ਵਿੱਤੀ ਸੰਕਟ ਦਾ ਸ਼ਿਕਾਰ ਹੋ ਰਿਹਾ ਹੈ, ਆਏ ਦਿਨ ਸਰਕਾਰ ਕਰਜਾ ਚੁੱਕ ਰਹੀ ਹੈ। ਉਨਾਂ ਕਿਹਾ ਕਿ ਲੋਕ ਸਭਾ ਚੋਣਾਂ ਦੌਰਾਨ ਪੰਜਾਬ ਦੀਆਂ 13 ਦੀਆਂ 13 ਸੀਟਾਂ 'ਤੇ ਕਾਂਗਰਸ ਦੀ ਸ਼ਾਨਦਾਰ ਜਿੱਤ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਇਲਾਕੇ ਭਰ' ਚ ਕਾਂਗਰਸੀ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਵੱਡੇ ਘੱਲੂਘਾਰੇ ਦੇ ਪੈਂਤੀ ਹਜ਼ਾਰ ਮਹਾਨ ਸ਼ਹੀਦਾਂ ਦੀ ਯਾਦ 'ਚ ਦੋ ਰੋਜ਼ਾ ਵਿਸ਼ਾਲ ਨਗਰ ਕੀਰਤਨ ਸਜਾਇਆ

ਲੋਕ ਬਾਣੀ/ ਮਹਿਲ ਕਲਾਂ,12 ਫਰਵਰੀ

-ਵੱਡੇ ਘੱਲੂਘਾਰੇ ਦੇ 35 ਹਜ਼ਾਰ ਮਹਾਨ ਸ਼ਹੀਦ ਸਿੰਘਾਂ, ਸਿੰਘਣੀਆਂ, ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਸਿੱਧਸਰ ਕਾਲਾਮਲ੍ਹਾ ਸਾਹਿਬ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ, ਪੰਜ ਪਿਆਰਿਆਂ ਦੀ ਅਗਵਾਈ ਹੇਠ ਦੋ ਰੋਜ਼ਾ (ਸ਼ਹੀਦੀ ਮਾਰਚ) ਨਗਰ ਕੀਰਤਨ ਸਜਾਇਆ ਗਿਆ। ਸ. ਜੱਸਾ ਸਿੰਘ ਆਹਲੂਵਾਲੀਆ ਗੁਰਮਿਤ ਸੰਗੀਤ ਵਿਦਿਆਲਾ ਕਾਲਾਮਾਲਾ ਸਾਹਿਬ ਦੇ ਵਿਦਿਆਰਥੀਆਂ, ਰਾਗੀ ਭਾਈ ਬਲਜਿੰਦਰ ਸਿੰਘ, ਭਾਈ ਮਨਦੀਪ ਸਿੰਘ, ਭਾਈ ਧਰਮਪਾਲ ਸਿੰਘ ਨੇ ਕਥਾ ਕੀਰਤਨ ਦੁਆਰਾ ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਸਿਜਦਾ ਕੀਤਾ। ਹੈਡ ਗਰੰਥੀ ਭਾਈ ਜਸਵੀਰ ਸਿੰਘ ਕਾਲਾਮਾਲਾ ਸਾਹਿਬ ਨੇ ਦੱਸਿਆ ਕਿ ਸੱਚਖੰਡ ਵਾਸੀ ਸੰਤ ਜਸਵੀਰ ਸਿੰਘ ਖ਼ਾਲਸਾ ਕਾਲਾਮਲ੍ਹਾ ਸਾਹਿਬ ਵਾਲਿਆਂ ਵਲੋਂ ਚਲਾਈ ਪ੍ਰੰਪਰਾ ਅਨੁਸਾਰ ਇਹ ਦੋ ਰੋਜ਼ਾ ਨਗਰ ਕੀਰਤਨ (ਸ਼ਹੀਦੀ ਮਾਰਚ) ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਪਵਿੱਤਰ ਧਰਤੀ ਗੁਰਦੁਆਰਾ ਸਾਹਿਬ ਸ਼ਹੀਦ ਗੰਜ ਰੋਹੀੜਾ ਤੋਂ ਅਰਦਾਸ ਉਪਰੰਤ




ਆਰੰਭ ਹੋ ਕੇ ਇਲਾਕੇ ਦੇ 21 ਪਿੰਡਾਂ 'ਚ ਪੜਾਅ ਵਾਰ ਹੁੰਦਾ ਹੋਇਆ ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਇਤਿਹਾਸਕ ਧਰਤੀ ਪਿੰਡ ਗਹਿਲ ਵਿਖੇ ਪਹੁੰਚ ਕੇ ਸਮਾਪਤ ਹੋਇਆ। ਵੱਖ ਵੱਖ ਥਾਵਾਂ ਉਪਰ ਸ਼ਰਧਾਲੂ ਸੰਗਤਾਂ ਨੇ ਪੂਰੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਨਗਰ ਕੀਰਤਨ ਮਹਿਲ ਕਲਾਂ ਮੁੱਖ ਬਜ਼ਾਰ ਪਹੁੰਚਣ 'ਤੇ ਭਾਈ ਬਲਜੀਤ ਸਿੰਘ ਪੰਡੋਰੀ, ਚੇਅਰਮੈਨ ਅਵਤਾਰ ਸਿੰਘ ਅਣਖੀ, ਇਕਬਾਲ ਸਿੰਘ ਜਗਦੇ, ਭਾਈ ਜਗਸੀਰ ਸਿੰਘ ਖਾਲਸਾ, ਭਾਈ ਰਾਜਵਿੰਦਰ ਸਿੰਘ ਕਲਾਲ ਮਾਜਰਾ, ਡਾ. ਜਗਰਾਜ ਸਿੰਘ ਮੂੰਮ ਦੀ ਅਗਵਾਈ ਹੇਠ ਪੰਜ ਪਿਆਰਿਆਂ, ਪ੍ਰਬੰਧਕਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਨਾਜ਼ਰ ਸਿੰਘ, ਬਾਬਾ ਬਖਸ਼ੀਸ਼ ਸਿੰਘ, ਪ੍ਰਧਾਨ ਜਗਤਾਰ ਸਿੰਘ ਪੰਡੋਰੀ, ਬਲਵਿੰਦਰ ਸਿੰਘ, ਬਲਰਾਜ ਸਿੰਘ ਫੌਜੀ, ਸੰਮਤੀ ਮੈਂਬਰ ਹਰਨੇਕ ਸਿੰਘ ਛਾਪਾ, ਬਲਵੀਰ ਸਿੰਘ ਪੰਡੋਰੀ, ਮਨਜੀਤ ਸਿੰਘ, ਬਲਵੰਤ ਸਿੰਘ, ਮਨਦੀਪ ਸਿੰਘ, ਹਰਵਿੰਦਰ ਸਿੰਘ ਸਿੱਧੂ, ਕਰਮਜੀਤ ਸਿੰਘ ਕਰਮਾ, ਬਾਬਾ ਵਰਿਆਮ ਸਿੰਘ ਕਾਰ ਸੇਵਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਸੀਵਰੇਜ ਦੇ ਓਵਰਫਲੋ ਰਹੇ ਪਾਣੀ ਕਾਰਨ ਗਲੀ ਵਾਸੀ ਪਰੇਸ਼ਾਨ

ਲੋਕ ਬਾਣੀ/ ਗਿੱਦੜਬਾਹਾ, 12 ਫਰਵਰੀ

ਗਿੱਦੜਬਾਹਾ ਦੇ ਭਾਰੂ ਰੋਡ ਸਥਿਤ ਅਗਰਵਾਲ ਪੀਰਖਾਨਾ ਦੇ ਨਜ਼ਦੀਕ ਬੰਦ ਗਲੀ ਦੇ ਨਿਵਾਸੀ ਇਸ ਸਮੇਂ ਗਲੀ ਵਿਚ ਓਵਰਫਲੋ ਰਹੇ ਸੀਵਰੇਜ ਦੇ ਗੰਦੀ ਪਾਣੀ ਤੋਂ ਬੇਹੱਦ ਪਰੇਸ਼ਾਨ ਹਨ। ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਗਲੀ ਨਿਵਾਸੀ ਲਵਿਸ਼ ਸ਼ਰਮਾਂ, ਜਸਵੀਰ ਸਿੰਘ, ਰਾਜਿੰਦਰ ਕੌਰ, ਸੁਨੀਤਾ ਰਾਣੀ, ਉਮਾ ਰਾਣੀ, ਕਾਲਜ ਰਾਣੀ, ਅਮਰਜੀਤ ਕੌਰ, ਕੰਚਨ ਰਾਣੀ, ਰਾਜ ਰਾਣੀ, ਗੋਰਾ ਸਿੰਘ, ਨਿਸ਼ਾ ਰਾਣੀ, ਪੰਚਮ ਰਾਮ ਅਤੇ ਦਲਜੀਤ ਬਾਬਾ ਆਦਿ ਨੇ ਦੱਸਿਆ ਕਿ ਉਨ੍ਹਾਂ ਦੀ ਗਲੀ ਵਿਚ ਬੀਤੇ ਲੰਬੇ ਸਮੇਂ ਤੋਂ ਸੀਵਰੇਜ ਦਾ ਪਾਣੀ ਓਵਰਫਲੋ ਹੋ ਕੇ ਗਲੀ ਵਿੱਚ ਫੈਲਿਆ ਹੋਇਆ ਹੈ, ਜਿਸ ਨਾਲ ਜਿੱਥੇ ਉਨ੍ਹਾਂ ਨੂੰ ਭਾਰੀ ਬਦਬੂ ਭਰੇ ਵਾਤਾਵਰਣ ਵਿਚ ਰਹਿਣਾ ਪੈ ਰਿਹਾ ਹੈ, ਉੱਥੇ ਹੀ ਬੱਚਿਆਂ ਅਤੇ ਬਜੁਰਗਾਂ ਦਾ ਗਲੀ ਵਿਚੋਂ ਨਿਕਲਣਾ ਮੁਸ਼ਕਿਲ ਹੋ ਰਿਹਾ ਹੈ। ਉਨ੍ਹਾ ਦੱਸਿਆ ਕਿ ਕੁਝ ਵਿਅਕਤੀਆਂ ਵੱਲੋਂ ਗਲੀ ਵਿਚ ਬਣੇ ਬਰਸਾਤੀ ਚੈਂਬਰਾਂ ਨੂੰ ਮਿੱਟੀ ਨਾਲ ਭਰ ਦਿੱਤਾ ਹੈ, ਜਿਸ ਕਾਰਨ ਉਨ੍ਹਾਂ ਦੇ ਘਰਾਂ ਵਿਚ ਸੀਵਰੇਜ ਦਾ ਪਾਣੀ ਬੈਕ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਉਨ੍ਹਾਂ ਦੇ ਘਰਾਂ ਵਿਚ ਸਪਲਾਈ ਹੋ ਰਹੇ ਪੀਣ ਵਾਲੇ ਪਾਣੀ ਵਿਚ ਵੀ ਸੀਵਰੇਜ



ਦਾ ਪਾਣੀ ਮਿਕਸ ਹੋ ਕੇ ਆ ਰਿਹਾ ਹੈ, ਜਿਸ ਨਾਲ ਕਿਸੇ ਵੀ ਸਮੇਂ ਕੋਈ ਗੰਭੀਰ ਬੀਮਾਰੀ ਫੈਲ ਸਕਦੀ ਹੈ। ਉਨ੍ਹਾਂ ਦੱਸਿਆ ਕਿ ਉਹ ਕਈ ਵਾਰ ਸੰਬੰਧਤ ਵਿਭਾਗ ਪਾਸ ਸ਼ਿਕਾਇਤ ਕਰ ਚੁੱਕੇ ਹਨ ਪਰੰਤੂ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋਈ। ਜਦੋਂ ਇਸ ਸੰਬੰਧੀ ਸੀਵਰੇਜ ਵਿਭਾਗ ਦੇ ਜੇ.ਈ. ਗਗਨ ਬਜਾਜ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਵੈਸੇ ਤਾਂ ਪੂਰੇ ਸ਼ਹਿਰ ਵਿਚ ਵੱਡੀਆਂ ਜੈਟਿੰਗ ਮਸ਼ੀਨਾ ਨਾਲ ਸ਼ਹਿਰ ਦੇ ਸੀਵਰੇਜ਼ ਸਿਸਟਮ ਦੀ ਸਫਾਈ ਕੀਤੀ ਜਾ ਰਹੀ ਹੈ ਪਰੰਤੂ ਫਿਰ ਵੀ ਗਲੀ ਨਿਵਾਸੀਆਂ ਦੀ ਉਕਤ ਸਮੱਸਿਆ ਨੂੰ ਉਹ ਜਲਦੀ ਹੀ ਹੱਲ ਕਰਵਾ ਦੇਣਗੇ।

# ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਹਲਕਾ ਸੁਨਾਮ ਦੇ ਪਿੰਡਾਂ ਤੇ ਸਰਕਾਰੀ ਸਕੂਲਾਂ ਵਿੱਚ 50 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ

ਲੋਕ ਬਾਣੀ/ ਸੁਨਾਮ ਊਧਮ ਸਿੰਘ ਵਾਲਾ, 12 ਫਰਵਰੀ



ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਅੱਜ ਹਲਕਾ ਸੁਨਾਮ ਦੇ ਪਿੰਡਾਂ ਅਤੇ ਸਰਕਾਰੀ ਸਕੂਲਾਂ ਵਿੱਚ 50 ਲੱਖ ਰੁਪਏ ਦੇ ਵਿਕਾਸ ਕਾਰਜਾਂ ਨੂੰ ਲੋਕਾਂ ਦੇ ਸਮਰਪਿਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪਿੰਡ ਤੋਲਾਵਾਲ ਦੇ ਵਿੱਚ ਤਕਰੀਬਨ 10 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਸ਼ਹੀਦ ਗੁਰਬਿੰਦਰ ਸਿੰਘ ਯਾਦਗਾਰੀ ਗੇਟ ਅਤੇ ਲਗਭਗ 15 ਲੱਖ ਦੀ ਲਾਗਤ ਨਾਲ ਸਰਕਾਰੀ ਸਕੂਲ 'ਚ ਉਸਾਰੇ ਗਏ ਕਮਰਿਆਂ ਦਾ ਉਦਘਾਟਨ ਕੀਤਾ। ਇਸ ਤੋਂ ਬਾਅਦ ਕੈਬਨਿਟ ਮੰਤਰੀ ਨੇ ਪਿੰਡ ਤੋਗਾਵਾਲ ਦੇ ਸਰਕਾਰੀ ਸਕੂਲ ਵਿੱਚ ਵੀ ਤਕਰੀਬਨ 25 ਲੱਖ ਰੁਪਏ ਦੀ ਲਾਗਤ ਨਾਲ ਪੂਰੇ ਕੀਤੇ ਗਏ ਵਿਕਾਸ ਕਾਰਜਾਂ ਨੂੰ ਹਲਕੇ ਦੇ ਲੋਕਾਂ ਨੂੰ ਸਮਰਪਿਤ ਕੀਤਾ। ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸੇ ਤਹਿਤ ਲਗਾਤਾਰ ਸੂਬੇ ਦੇ ਸਰਕਾਰੀ ਸਿੱਖਿਆ ਤੰਤਰ ਦੀ ਨੁਹਾਰ ਬਦਲਣ ਲਈ ਸਾਰਥਕ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਸਕੂਲਾਂ ਵਿੱਚ ਪੜ੍ਹਾਈ ਅਨੁਕੂਲ ਮਾਹੌਲ ਯਕੀਨੀ ਬਣਾਉਣ ਨਵੀਂ ਸਿੱਖਿਆ ਨੀਤੀ ਲਾਗੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਉਨ੍ਹਾਂ ਦੀ ਸਰਕਾਰ ਵੱਲੋਂ ਲਗਭਗ 40 ਹਜ਼ਾਰ ਸਰਕਾਰੀ ਨੌਕਰੀਆਂ 'ਤੇ ਬਿਨਾ ਕਿਸੇ ਸਿਫ਼ਾਰਸ਼ ਅਤੇ ਭ੍ਰਿਸ਼ਟਾਚਾਰ ਤੋਂ ਦਿੱਤੀਆਂ ਗਈਆਂ ਹਨ।

ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਯਤਨਾਂ ਸਦਕਾ ਸੁਨਾਮ ਹਲਕਾ ਵੀ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਬਣ ਕੇ ਉੱਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸੁਨਾਮ ਪੂਰੇ ਦੇਸ਼ ਦਾ ਪਹਿਲਾ ਹਲਕਾ ਹੈ ਜਿੱਥੇ ਸਾਰੇ ਸਰਕਾਰੀ ਸਕੂਲਾਂ ਵਿੱਚ ਅਤਿ-ਆਧੁਨਿਕ ਰੋਬੋਟਿਕ ਲੈਬਜ਼ ਸਥਾਪਤ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਸਨਾਮ ਹਲਕੇ ਨੂੰ ਸਿੱਖਿਆ ਦੇ ਖੇਤਰ ਵਿੱਚ ਅੱਵਲ ਬਣਾਉਣ ਲਈ ਵਚਨਬੱਧ ਹਨ ਅਤੇ ਇਸ ਮੰਤਵ ਦੀ ਪ੍ਰਾਪਤੀ ਲਈ ਉਹ ਦਿਨ ਰਾਤ ਇੱਕ ਕਰਕੇ ਕੰਮ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਅਫ਼ਸਰ ਮੇਵਾ ਸਿੰਘ, ਬੀ.ਡੀ.ਪੀ.ਓ ਸੰਗਰੂਰ ਸੁਖਦੀਪ ਸਿੰਘ, ਸਰਪੰਚ ਮੇਵਾ ਸਿੰਘ ਤੋਲਾਵਾਲ, ਗੁਰਦੀਪ ਸਿੰਘ ਦੀਪਾ, ਗੁਰਜੰਟ ਸਿੰਘ ਜੰਟੀ, ਸੁਰਜੀਤ ਸਿੰਘ ਸਰਪੰਚ, ਸਰਬਜੀਤ ਕੌਰ ਸਰਪੰਚ, ਗੁਰਸੇਵਕ ਸਿੰਘ, ਨਾਜਰ ਸਿੰਘ ਅਤੇ ਰਾਜਵਿੰਦਰ ਸਿੰਘ ਰਾਜਾ ਵੀ ਹਾਜ਼ਰ ਸਨ।

# ਹੱਕੀ ਮੰਗਾਂ ਸਬੰਧੀ ਸੀਵਰੇਜ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਖਿਲਾਫ ਅਣਮਿੱਥੇ ਸਮੇਂ ਲਈ ਧਰਨਾ

ਲੋਕ ਬਾਣੀ/ ਗਿੱਦੜਬਾਹਾ, 12 ਫ਼ਰਵਰੀ



ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਵਿੱਚ ਕੰਮ ਕਰਦੇ ਆਊਟਸੋਰਸ/ ਠੇਕਾ ਆਧਾਰਿਤ ਮੁਲਾਜ਼ਮ ਵੱਲੋਂ ਆਪਣੀ ਹੱਕੀ ਅਤੇ ਜਾਇਜ ਮੰਗਾਂ ਸਬੰਧੀ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਮੰਡਲ ਨੰ 2 ਬਠਿੰਡਾ ਦੇ ਖਿਲਾਫ ਗਿੱਦੜਬਾਹਾ, ਮਲੋਟ, ਬਰੀਵਾਲਾ ਵਿਖੇ ਸਬ ਡਵੀਜ਼ਨਾ ਪੱਧਰ ਤੇ ਧਰਨਾ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਮੌਕੇ ਤੇ ਜ਼ਿਲ੍ਹਾ ਪ੍ਰਧਾਨ ਨਵਨੀਤ ਸ਼ਰਮਾ , ਜ਼ਿਲ੍ਹਾ ਜਨਰਲ ਸਕੱਤਰ ਸਰਬਜੀਤ ਸਿੰਘ ਨੇ ਦੱਸਿਆ ਕਿ ਉਹ ਪਿਛਲੇ ਲੰਮੇ ਤੋਂ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਵਿੱਚ ਆਊਟਸੋਰਸ/ਠੇਕਾ ਪ੍ਰਣਾਲੀ ਰਾਹੀਂ ਆਪਣੀਆਂ ਸੇਵਾਵਾਂ ਬਹੁਤ ਹੀ ਨਿਗੁਣੀਆ ਤਨਖਾਹਾ ਤੇ ਦੇ ਰਹੇ ਹਨ ਪਰ ਸਮੇ ? ਸਮੇਂ ਦੀਆਂ ਸਰਕਾਰਾਂ ਵੱਲੋਂ ਇਨ੍ਹਾਂ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਵਾਧੇ ਕੀਤੇ ਗਏ ਸਨ ਪਰ ਕਿਸੇ ਵੀ ਸਰਕਾਰ ਵੱਲੋਂ ਇਹਨਾਂ ਕਰਮਚਾਰੀਆਂ ਦੀ ਸਾਰ ਨਹੀਂ ਲਈ ਗਈ। ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਇਹਨਾਂ ਮੁਲਾਜ਼ਮ ਦੀ ਜੱਥੇਬੰਦੀ ਠੇਕਾ ਮੁਲਾਜ਼ਮ ਸ਼ੰਘਰਸ਼ ਮੋਰਚਾ ਪੰਜਾਬ ਨੂੰ ਪਿਛਲੇ 2 ਸਾਲਾਂ ਵਿਚ 20 ਵਾਰ ਲਿਖਤੀ ਮੀਟਿੰਗ ਕਰਨ ਤੋਂ ਭੱਜੀ ਹੈ, ਇਸੇ ਰਸਤੇ ਤੇ ਹੀ ਚਲਦਿਆਂ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਵਿਭਾਗ ਵੱਲੋਂ ਵੀ ਇਹਨਾਂ ਮੁਲਾਜ਼ਮ ਦਾ ਸ਼ੋਸਣ ਕੀਤਾ ਜਾ ਰਿਹਾ ਹੈ। ਆਗੂ ਨੇ ਦੱਸਿਆ ਕਿ 1 ਤਨਖਾਹਾਂ ਸਮੇਂ ਨੂੰ ਸਿਰ ਦਿੱਤਾ ਜਾਵੇ, 2 ਵਰਕਰਾਂ ਦੀਆਂ ਤਨਖਾਹਾਂ ਵਿੱਚੋਂ ਕੱਟਿਆ ਗਿਆ (ਅਗਸਤ, ਸਤੰਬਰ, ਅਕਤੂਬਰ 2023 , ਬਾਕੀ ਮਹੀਨਿਆਂ ਦਾ) ਈ ਪੀ ਐੱਫ ਜਮਾਂ ਕਰਵਾਇਆ ਜਾਵੇ, 3 ਵਰਕਰਾ ਦੀਆਂ ਤਨਖਾਹਾਂ ਵਿੱਚੋ ਕੱਟਿਆ ਗਿਆ ਈ ਐਸ ਆਈ ਦਾ ਕਾਰਡ ਬਣਾਇਆ ਜਾਵੇ, 4 ਵਰਕਰਾ ਦਾ ਬੀਮਾ ਕਰਵਾਇਆ ਜਾਵੇ, ਆਦਿ ਮੰਗਾਂ ਸਬੰਧੀ ਜੱਥੇਬੰਦੀ ਵੱਲੋਂ ਕਾਰਜਕਾਰੀ ਇੰਜੀਨੀਅਰ ਮੰਡਲ 2 ਬਠਿੰਡਾ ਨੂੰ ਪਹਿਲਾਂ ਵੀ ਨੋਟਿਸ ਦਿੱਤਾ ਗਿਆ ਸੀ ਪਰ ਉਸ ਉਪਰ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ। ਜਿਸ ਦੇ ਰੋਸ ਵਜੋਂ ਅੱਜ ਗਿੱਦੜਬਾਹਾ ਮਲੋਟ ਬਰੀਵਾਲਾ ਵਿਖੇ ਧਰਨਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਬ੍ਰਾਂਚ ਗਿੱਦੜਬਾਹਾ ਦੇ ਪ੍ਰਧਾਨ ਸੰਦੀਪ ਸਿੰਘ, ਜਰਨਲ ਸਕੱਤਰ ਅਸ਼ੋਕ ਕੁਮਾਰ, ਮੋਨੂੰ ਕੁਮਾਰ, ਅਰਵਿੰਦਰ ਸਿੰਘ, ਕੁਲਵਿੰਦਰ ਸਿੰਘ ਬਾਬਾ, ਸਤਨਾਮ ਸਿੰਘ, ਰਾਜੇਸ਼ ਕਾਕੂ, ਦੀਪਕ ਕੁਮਾਰ, ਅਮਰਜੀਤ, ਰਵੀ, ਵਿਕਰਮ, ਕਰਨ, ਕੁਲਦੀਪ ਰਸੀਲਾ ਆਦਿ ਹਾਜ਼ਰ ਹੋਏ।



Website : www.lokbani.com
lokbani08@gmail.com

# ਪੰਜਾਬ ਦੇ ਗੌਰਵਸ਼ਾਲੀ ਵਿਰਸੇ ਨੂੰ ਦਰਸਾਉਂਦੀਆਂ ਝਾਕੀਆਂ ਪੁੱਜੀਆਂ ਸ਼੍ਰੀ ਮੁਕਤਸਰ ਸਾਹਿਬ

## ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕੀਤਾ ਸਵਾਗਤ

ਲੋਕ ਬਾਣੀ/ ਸ਼੍ਰੀ ਮੁਕਤਸਰ ਸਾਹਿਬ, 12 ਫਰਵਰੀ

ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਗੌਰਵਸ਼ਾਲੀ ਵਿਰਸੇ ਅਤੇ ਇਤਿਹਾਸ ਨੂੰ ਦਰਸਾਉਂਦੀਆਂ ਝਾਕੀਆਂ ਅੱਜ ਸ਼੍ਰੀ ਮੁਕਤਸਰ ਸਾਹਿਬ ਵਿਖੇ ਪਹੁੰਚੀਆਂ। ਇੱਥੇ ਪਹੁੰਚਣ ਤੇ ਸ੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਸ੍ਰੀ ਜਗਦੀਪ ਸਿੰਘ ਕਾਕਾ ਬਰਾੜ ਨੇ ਇਹਨਾਂ ਦਾ ਸਵਾਗਤ ਕੀਤਾ ਅਤੇ ਝੰਡੀ ਵਿਖਾ ਕੇ ਅਗਲੇ ਪੜਾਅ ਲਈ ਰਵਾਨਾ ਕੀਤਾ।




ਇਸ ਮੌਕੇ ਬੋਲਦਿਆਂ ਵਿਧਾਇਕ ਸ੍ਰੀ ਜਗਦੀਪ ਸਿੰਘ ਕਾਕਾ ਬਰਾੜ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਇਤਿਹਾਸ, ਵਿਰਸੇ ਅਤੇ ਇੱਥੋਂ ਦੇ ਮਹਾਨ ਸ਼ਹੀਦਾਂ ਦੇ ਆਜ਼ਾਦੀ ਸੰਗਰਾਮ ਵਿੱਚ ਯੋਗਦਾਨ ਨੂੰ ਦਰਸਾਉਂਦੀਆਂ ਇਹ ਝਾਕੀਆਂ ਤਿਆਰ ਕਰਵਾਈਆਂ ਗਈਆਂ ਹਨ ਤਾਂ ਜੋ ਸਾਡੀ ਨਵੀਂ ਪੀੜੀ ਨੂੰ ਇਹਨਾਂ ਤੋਂ ਜਾਣੂ ਕਰਵਾਇਆ ਜਾ ਸਕੇ। ਉਨਾਂ ਨੇ ਕਿਹਾ ਕਿ ਇਹਨਾਂ ਵਿੱਚ ਇੱਕ ਝਾਂਕੀ ਮਾਈ ਭਾਗੋ ਦੀ ਹੈ ਜੋ ਕਿ ਨਾਰੀ ਸਸ਼ਕਤੀਕਰਨ ਤੇ ਅਧਾਰਿਤ ਹੈ। ਉਹਨਾਂ ਆਖਿਆ ਕਿ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਈ ਭਾਗੋ ਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਸ਼ੀਰਵਾਦ ਨਾਲ ਮੁਗਲਾਂ ਖਿਲਾਫ ਲੜਾਈ ਲੜੀ ਸੀ ਇਸ ਕਰਕੇ ਮਾਈ ਭਾਗੋ ਜੀ ਦਾ ਸ੍ਰੀ ਮੁਕਤਸਰ ਸਾਹਿਬ ਨਾਲ ਸਬੰਧ ਜੁੜਦਾ ਹੋਣ ਕਰਕੇ ਸਾਡੇ ਲਈ ਮਾਣ ਦੀ ਗੱਲ ਹੈ ਕਿ ਮਾਈ ਭਾਗੋ ਦੀ ਝਾਂਕੀ ਵੀ ਇਹਨਾਂ ਤਿੰਨ ਝਾਕੀਆਂ ਵਿੱਚ ਸ਼ਾਮਿਲ ਕੀਤੀ ਗਈ ਹੈ। ਉਨਾਂ ਦੱਸਿਆ ਕਿ ਅੱਗੋਂ ਇਹ ਝਾਂਕੀਆਂ ਗਿੱਦੜਬਾਹਾ ਅਤੇ ਮਲੋਟ ਹੁੰਦੇ ਹੋਏ ਫਾਜ਼ਿਲਕਾ ਜ਼ਿਲੇ ਵੱਲ ਜਾਣਗੀਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਹਿਰ ਵਿੱਚ ਵੱਖ-ਵੱਖ ਥਾਵਾਂ ਤੇ ਇਹਨਾਂ ਝਾਕੀਆਂ ਨੂੰ ਵੇਖਿਆ ਅਤੇ ਪੰਜਾਬ ਸਰਕਾਰ ਦੇ ਇਸ ਸ਼ਾਨਦਾਰ ਉਪਰਾਲੇ ਦੀ ਸਲਾਘਾ ਕਰਦੇ ਵਿਖਾਈ ਦਿੱਤੇ।

ਲੋਕਾਂ ਨੇ ਆਖਿਆ ਕਿ ਇਸ ਤਰ੍ਹਾਂ ਦੇ ਉਪਰਾਲਿਆਂ ਨਾਲ ਸਾਡੀ ਨਵੀਂ ਪੀੜੀ ਨੂੰ ਸਾਡੇ ਗੌਰਵਸ਼ਾਲੀ ਇਤਿਹਾਸ ਬਾਰੇ ਜਾਗਰੂਕਤਾ ਵੱਧਦੀ ਹੈ। ਇਸ ਮੌਕੇ ਜਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ਼੍ਰੀ ਸੁਰਿੰਦਰ ਸਿੰਘ ਢਿੱਲੋਂ ਅਤੇ ਹੋਰ ਪਤਵੰਤੇ ਵਿਅਕਤੀ ਵੀ ਹਾਜ਼ਰ ਸਨ।

# ਕਿਸਾਨਾਂ ਦੀਆਂ ਤਿਆਰੀਆਂ ਜੋਰਾਂ 'ਤੇ, ਹਰਿਆਣਾ ਨੇ ਵੀ ਸਰਹੱਦਾਂ 'ਤੇ ਕੀਤੀ ਕਿਲੇਬੰਦੀ

## ਹੋਵੇਗੀ ਆਰ ਪਾਰ ਦੀ ਲੜਾਈ, ਤਿੰਨ ਕੇਂਦਰੀ ਮੰਤਰੀਆਂ ਦੀਆਂ ਕਿਸਾਨ ਆਗੂਆਂ ਨਾਲ ਮੀਟਿੰਗ ਅੱਜ

ਲੋਕ ਬਾਣੀ/ ਸ਼੍ਰੀ ਮੁਕਤਸਰ ਸਾਹਿਬ

ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਵੱਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਦਿੱਤੇ ਦਿੱਲੀ ਕੂਚ ਦੇ ਸੱਦੇ ਦੇ ਚੱਲਦਿਆਂ ਦੇਸ 'ਚ ਮੁੜ ਤੋਂ ਸਾਲ 2020 ਵਾਲਾ ਮਾਹੌਲ ਬਣਦਾ ਦਿਖ਼ਾਈ ਦੇ ਰਿਹਾ। ਪ੍ਰੰਤੂ ਇਸ ਵਾਰ ਲੋਕ ਸਭਾ ਚੋਣਾਂ ਐਨ ਸਿਰ 'ਤੇ ਹੋਣ ਕਾਰਨ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੀ ਫੂਕ ਫੂਕ ਕੇ ਕਦਮ ਚੁੱਕ ਰਹੀ ਹੈ। ਇਸਦੇ ਲਈ ਜਿੱਥੇ ਕਿਸਾਨਾਂ ਨੂੰ ਗੱਲਬਾਤ ਦੇ ਰਾਹੀਂ ਠੰਢੇ ਕਰਨ ਦੀ ਰਣਨੀਤੀ 'ਤੇ ਕੰਮ ਕੀਤਾ ਜਾ ਰਿਹਾ, ਦੂਜੇ ਪਾਸੇ ਪੰਜਾਬ ਤੋਂ ਦਿੱਲੀ 'ਚ ਸ਼ਾਮਲ ਹੋਣ ਤੋਂ ਰੋਕਣ ਲਈ ਜੰਗੀ ਪੱਧਰ ਉਪਰ 'ਕਿਲੇਬੰਦੀ' ਵੀ ਕੀਤੀ ਜਾ ਰਹੀ ਹੈ।ਪੰਜਾਬ ਦੇ ਹਰਿਆਣਾ ਨਾਲ ਲੱਗਦੇ ਸਾਰੇ ਰਾਸਤਿਆਂ ਨੂੰ ਸੀਲ ਕਰ ਦਿੱਤਾ ਗਿਆ ਹੈ। ਇਸਤੋਂ ਇਲਾਵਾ ਪ੍ਰਮੁੱਖ ਰਾਸਤਿਆਂ ਉਪਰ ਕੰਕਰੀਟ ਦੀਆਂ ਕੰਧਾਂ ਕੱਢਣ ਤੋਂ ਇਲਾਵਾ ਸੜਕਾਂ'ਤੇ ਤਿੱਖੀਆਂ ਕਿੱਲਾਂ ਗੱਡੀਆਂ ਜਾ ਰਹੀਆਂ ਹਨ। ਹਰਿਆਣਾ ਦੇ ਕਰੀਬ ਅੱਧੀ ਦਰਜਨ ਜਿਲ੍ਹਿਆਂ ਦੇ ਵਿੱਚ ਇੰਟਰਨੈਟ ਸੇਵਾਵਾਂ ਵੀ ਮੁਅਤਲ ਕਰ ਦਿੱਤੀਆਂ ਗਈਆਂ ਹਨ।



ਇਸ ਤੋਂ ਇਲਾਵਾ ਪੰਜਾਬ ਨੂੰ ਦਿੱਲੀ ਨਾਲ ਜੋੜਦੇ ਰਾਸਤਿਆਂ 'ਤੇ ਸਖਤ ਬੈਰੀਗੇਡਿੰਗ ਅਤੇ ਨਾਕੇਬੰਦੀ ਕੀਤੀ ਜਾ ਰਹੀ ਹੈ। ਇਸਦੇ ਨਾਲ ਹੀ ਹਰਿਆਣਾ ਦੇ ਬਾਰਡਰਾਂ 'ਤੇ ਸੂਬਾਈ ਪੁਲਿਸ ਤੋਂ ਇਲਾਵਾ ਨੀਮ ਫ਼ੌਜੀ ਦਸਤਿਆਂ ਦੀ ਵੀ ਤੈਨਾਤੀ ਕੀਤੀ ਗਈ ਹੈ।ਉਧਰ ਤਿੰਨ ਕੇਂਦਰੀ ਮੰਤਰੀ ਪਿਊਸ਼ ਗੋਇਲ, ਅਰਜੁਨ ਮੁੰਡਾ ਅਤੇ ਨਿਤਿਆਨੰਦ ਰਾਏ ਵਲੋਂ ਅੱਜ ਸ਼ਾਮ 5 ਵਜੇ ਚੰਡੀਗੜ੍ਹ ਦੇ ਸੈਕਟਰ 26 ਵਿਚ ਕਿਸਾਨ ਆਗੂਆਂ ਨਾਲ ਮੀਟਿੰਗ ਕੀਤੀ ਜਾਵੇਗੀ। ਚਰਚਾ ਇਹ ਵੀ ਸੁਣਾਈ ਦੇ ਰਹੀ ਹੈ ਕਿ ਪਹਿਲਾਂ ਦੀ ਤਰ੍ਹਾਂ ਕਿਸਾਨ ਅੰਦੋਲਨ ਨੂੰ ਸ਼ੁਰੂ ਹੋਣ ਤੋਂ ਰੋਕਣ ਲਈ ਕੇਂਦਰ ਸਰਕਾਰ ਕੁੱਝ ਕਿਸਾਨੀਂ ਮੰਗਾਂ 'ਤੇ ਸਹਿਮਤੀ ਵੀ ਜਤਾ ਸਕਦੀ ਹੈ। ਪ੍ਰੰਤੂ ਕਿਸਾਨ ਆਗੂਆਂ ਵਲੋ ਦਾਅਵਾ ਕੀਤਾ ਜਾ ਰਿਹਾ ਹੈ ਕਿ ਸਵਾਮੀਨਾਥਨ ਦੀ ਰੀਪੋਰਟ ਮੁਤਾਬਕ ਫ਼ਸਲਾਂ 'ਤੇ ਘੱਟੋ-ਘੱਟ ਕੀਮਤ ਦੀ ਮੁੱਖ ਮੰਗਣ ਤੱਕ ਇਹ ਸੰਘਰਸ਼ ਜਾਰੀ ਰਹੇਗਾ। ਕਿਸਾਨਾਂ ਨੇ ਵੀ ਕੇਂਦਰ ਦੇ ਰੁੱਖ ਨੂੰ ਦੇਖਦਿਆਂ ਪੂਰੀਆਂ ਤਿਆਰੀਆਂ ਵਿੱਢੀਆਂ ਹੋਈਆਂ ਹਨ ਤੇ ਦਬਾਅ ਵਧਾਉਣ ਲਈ ਹਜ਼ਾਰਾਂ ਟਰੈਕਟਰਾਂ ਦਾ ਕਾਫ਼ਲਾ ਹਰਿਆਣਾ ਬਾਰਡਰ ਵੱਲ ਨੂੰ ਰਵਾਨਾ ਵੀ ਹੋਏ ਹਨ।

# ਨੈਸ਼ਨਲ ਅਤੇ ਪੰਜਾਬ ਪੱਧਰ ਤੇ ਮੱਲਾਂ ਮਾਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ



ਲੋਕ ਬਾਣੀ/ ਮੂਨਕ,12 ਫਰਵਰੀ

ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਖੇਡਾਂ ਵਤਨ ਪੰਜਾਬ ਦੀਆਂ ਅਤੇ 66ਵੀਆਂ ਸਕੂਲ ਪੱਧਰੀ ਖੇਡਾਂ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮੂਨਕ ਦੀਆਂ ਨੈਸ਼ਨਲ ਅਤੇ ਪੰਜਾਬ ਪੱਧਰ ਤੇ ਗੋਲਡ ਮੈਡਲ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਵਜੋਂ ਬੀ ਐਲ ਓ ਸ੍ਰੀ ਪ੍ਰਦੀਪ ਸਿੰਘ ਨੇ ਸ਼ਿਰਕਤ ਕੀਤੀ। ਸਕੂਲ ਇੰਚਾਰਜ ਸ੍ਰੀਮਤੀ ਰਵੀਤਾ ਬਾਂਸਲ ਨੇ ਬੱਚਿਆਂ ਨੂੰ ਟਰਾਫੀ ਦਿੰਦੇ ਹੋਏ ਇੱਕ ਵਧੀਆ ਭਵਿੱਖ ਦੀ ਕਾਮਨਾ ਕੀਤੀ। ਪੀ.ਟੀ.ਆਈ. ਸ਼੍ਰੀਮਤੀ ਗੋਲਡੀ ਰਾਣੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਹੈ ਕਿ ਭਾਰਤੀ ਰਾਣੀ ਨੇ ਨੈਸ਼ਨਲ ਪੱਧਰ ਤੇ ਆਰਚਰੀ ਵਿਚ ਦੂਜਾ ਸਥਾਨ ਪ੍ਰਾਪਤ ਕੀਤਾ ਸਿਮਰਨਜੀਤ ਕੌਰ ਨੇ ਐਥਲੈਟਿਕਸ ਵਿਚ ਪੰਜਾਬ ਪੱਧਰ ਤੇ ਦੂਜਾ ਸਥਾਨ ਪ੍ਰਾਪਤ ਕੀਤਾ।

ਪ੍ਰੀਤ ਕੌਰ ਨੇ ਪਾਵਰ ਲਿਫਟਿੰਗ ਵਿਚ ਪੰਜਾਬ ਪੱਧਰ ਤੇ ਪਹਿਲਾ ਅਤੇ ਰੇਨੂ ਕੌਰ ਨੇ ਆਰਚਰੀ ਵਿਚ ਪੰਜਾਬ ਪੱਧਰੀ ਦੂਜਾ ਸਥਾਨ ਪ੍ਰਾਪਤ ਕੀਤਾ। ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਹੈ ਕਿ ਪੰਜਾਬ ਸਰਕਾਰ ਵਲੋਂ ਜੇਤੂ ਬੱਚਿਆ ਨੂੰ 20-20 ਹਜਾਰ ਦਾ ਨਕਦ ਇਨਾਮ ਦਿੱਤਾ ਗਿਆ। ਇਸ ਮੌਕੇ ਸਮੂਹ ਸਟਾਫ ਨੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ। ਇਸ ਮੌਕੇ ਸ਼੍ਰੀ ਕਰਨੈਲ ਸਿੰਘ, ਸ਼੍ਰੀ ਸਚਿਨ ਸਿੰਗਲਾ, ਸ਼੍ਰੀ ਰਾਜ, ਸ਼੍ਰੀ ਸੁਮਿਤ ਸਿੰਘ, ਸ਼੍ਰੀ ਯਸਪ੍ਰੀਤ ਸਿੰਘ, ਸ਼੍ਰੀ ਗੁਰਬਚਨ ਸਿੰਘ ਆਦਿ ਹਾਜ਼ਰ ਸਨ।

# ਸਵ. ਮਨਦੀਪ ਸਪੋਰਟਸ ਕਲੱਬ ਸਿੰਘਪੁਰ ਤੇ ਏਰੀਆ ਯੂਥ ਅਲਾਇੰਸ ਵੱਲੋਂ ਐਥਲੈਟਿਕ ਮੀਟ ਤੇ ਸਨਮਾਨ ਸਮਾਰੋਹ ਕਰਵਾਇਆ ਗਿਆ

## ਜੇਤੂ ਖਿਡਾਰੀਆਂ ਨੂੰ ਟਰੈਕ ਸੂਟ ਤੇ ਮੈਡਲ ਦਿੱਤੇ ਗਏ, ਵੱਖ ਵੱਖ ਪਿੰਡਾਂ ਦੇ ਪੁਰਾਣੇ ਖਿਡਾਰੀਆਂ ਦਾ ਵੀ ਕੀਤਾ ਸਨਮਾਨ

**ਲੋਕ ਬਾਣੀ/ ਬਲਾਚੌਰ, 12 ਫਰਵਰੀ**

ਸਵ. ਮਨਦੀਪ ਸੋਪਰਟਸ ਐਡ ਵੈਲਫੇਅਰ ਕਲੱਬ ਪਿੰਡ ਸਿੰਘਪੁਰ ਵੱਲੋਂ ਯੂਥ ਏਰੀਆ ਅਲਾਇੰਸ ਬਲਾਚੋਰ ਦੇ ਸਹਿਯੋਗ ਦੇ ਸਦਕਾ ਪਹਿਲੀ ਵਾਰ ਐਥਲੈਟਿਲ ਮੀਟ ਤੇ ਸਨਮਾਨ ਸਮਾਰੋਹ ਮਹਾਰਾਜ ਭੂਰੀਵਾਲੇ ਗਰੀਬਦਾਸੀ ਸਰਕਾਰੀ ਕਾਲਜ ਪੋਜੇਵਾਲ ਦੇ ਖੇਡ ਸਟੇਡੀਅਮ ਵਿੱਚ ਸਮੂਹ ਐਨ ਆਰ ਆਈ ਭਰਾਵਾਂ ਦੇ ਸਹਿਯੋਗ ਨਾਲ ਕਰਵਾਈ ਗਈ। ਐਨ ਆਰ ਭਰਾਵਾਂ 'ਚ ਪ੍ਰੇਮਪਾਲ ਹੱਕਲਾ ਜਰਮਨੀ ਨਵਾਗਰਾਂ, ਤਰਸੇਮ ਲਾਲ ਖੇਪੜ ਯੂ ਐਸ ਏ, ਦਵਿੰਦਰ ਛਾਬਲਾ, ਪੰਮੀ ਬਾਗੜੀ ਯੂ ਐਸ ਏ, ਲੱਕੀ ਖੇਪੜ ਯੂ ਐਸ ਏ ਦੇ ਵਿਸ਼ੇਸ਼ ਸਹਿਯੋਗ ਸਦਕਾ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੈਂਬਰਾਂ ਨੇ ਦੱਸਿਆ ਕਿ ਉਮਰ ਗਰੁੱਪ 10 ਤੋਂ 14 ਸਾਲ ਲੜਕੀਆਂ 100 ਮੀਟਰ ਤੇ 200 ਮੀਟਰ ਦੋੜ ਵਿੱਚ ਪਹਿਲਾ ਸਥਾਨ ਜਪਜੋਤ ਕੌਰ ਲੋਹਟਾਂ, ਦੂਜਾ ਸਥਾਨ ਇਨਾਕਸ਼ੀ ਸੜੋਆ ਤੇ ਤੀਜਾ ਸਥਾਨ ਪਲਕ ਸੜੋਆ ਨੇ ਹਾਸਲ ਕੀਤਾ। ਜਦੋਂ ਕਿ 14 ਤੋਂ 17 ਸਾਲ 400 ਮੀਟਰ ਦੌੜ ਵਿੱਚ ਪਹਿਲਾ ਸਥਾਨ ਜਪਜੋਤ ਕੌਰ ਲੋਹਟਾਂ, ਦੂਜਾ ਇਨਾਕਸ਼ੀ ਸੜੋਆ ਤੇ ਤੀਜਾ ਪਲਕ ਸੜੋਆ ਨੇ ਹਾਸਲ ਕੀਤਾ। 800 ਮੀਟਰ ਦੌੜ ਵਿੱਚ ਪਲਕ ਨੇ ਪਹਿਲਾ, ਇਨਾਕਸ਼ੀ ਨੇ ਦੂਜਾ ਤੇ ਮਾਨਵੀ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ 10-14 ਸਾਲ ਲੜਕਿਆਂ ਦੇ ਵਿੱਚ 200 ਮੀਟਰ ਦੌੜ ਵਿੱਚ ਅੰਸ਼ ਕੁਮਾਰ ਬੰਗਾ ਨੇ ਪਹਿਲਾ, ਜਸ਼ਨ ਸ਼ਰਮਾ ਸੜੋਆ ਨੇ ਦੂਜਾ ਤੇ ਹਰਮੀਤ ਹਿਆਤਪੁਰ ਜੱਟਾਂ ਨੇ ਤੀਜਾ ਸਥਾਨ ਹਾਸਲ ਕੀਤਾ। ਜਦੋਂ ਕਿ 10-14 ਸਾਲ ਲੜਕੇ 400 ਮੀਟਰ ਵਿੱਚ ਅੰਸ਼ ਕੁਮਾਰ ਬੰਗਾ ਨੇ ਪਹਿਲਾ, ਕ੍ਰਿਸ਼ਨ ਸ਼ਰਮਾ ਸੜੋਆ ਨੇ ਦੂਜਾ ਤੇ ਪ੍ਰਿੰਸ ਕੁਮਾਰ ਮਾਹੀਪੁਰ ਨੇ ਤੀਜਾ ਸਥਾਨ ਹਾਸਲ ਕੀਤਾ। 14-17 ਸਾਲ ਲੜਕੇ 100 ਮੀਟਰ ਵਿੱਚ ਅੰਕਿਤ ਕੁਮਾਰ ਬੰਗਾ ਨੇ ਪਹਿਲਾ, ਰਾਜੀਵ ਭੂੰਬਲਾ ਕੁੱਕੜਸੂਹਾ ਨੇ ਦੂਜਾ ਤੇ ਸਹਿਯੋਗ ਬਾਂਠ ਕਰੀਮਪੁਰਚਾਹਵਾਲਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ 14-17 ਸਾਲ 800 ਮੀਟਰ ਦੇ ਵਿੱਚ ਦਨੇਸ਼ ਬੰਗਾ ਨੇ ਪਹਿਲਾ,



ਅੰਕਿਤ ਬੰਗਾ ਨੇ ਦੂਜਾ ਤੇ ਮਨਜੋਤ ਕਟਵਾਰਾ ਨੇ ਤੀਜਾ ਸਥਾਨ ਹਾਸਲ ਕੀਤਾ। 14-17 ਸਾਲ 1200 ਮੀਟਰ ਦੋੜ ਵਿੱਚ ਦਿਨੇਸ਼ ਬੰਗਾ ਨੇ ਪਹਿਲਾ, ਜਸ਼ਨ ਸ਼ਰਮਾ ਨੇ ਦੂਜਾ ਤੇ ਪ੍ਰਭਜੋਤ ਸਿੰਘ ਹਿਆਤਪੁਰ ਨੇ ਤੀਜਾ ਸਥਾਨ ਹਾਸਲ ਕੀਤਾ।

17-21 ਸਾਲ 1600 ਮੀਟਰ ਦੌੜ ਵਿੱਚ ਮਨਜੋਤ ਕਟਵਾਰਾ ਨੇ ਪਹਿਲਾ, ਅਨੁਰਾਗ ਜੀਤਪੁਰ ਨੇ ਦੂਜਾ ਤੇ ਦਿਨੇਸ਼ ਬੰਗਾ ਨੇ ਤੀਜਾ ਸਥਾਨ ਹਾਸਲ ਕੀਤਾ। ਪਹਿਲੇ ਦੂਜੇ ਤੇ ਤੀਜੇ ਸਥਾਨ ਆਉਣ ਵਾਲੀਆ ਲੜਕੀਆਂ ਤੇ ਲੜਕਿਆ ਨੂੰ ਟਰੈਕ ਸੂਟ ਤੇ ਮੈਡਲ ਦਿੱਤੇ ਗਏ ਤੇ ਪਿੰਡ ਸਿੰਘਪੁਰ ਦੇ ਸਾਲ 2022-2023 ਵਿੱਚ 85 ਫੀਸਦੀ ਤੋਂ ਜ਼ਿਆਦਾ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਬੱਚਿਆਂ ਦਾ ਸਨਮਾਨ ਕਰਨ ਦੇ ਨਾਲ ਨਾਲ ਪਿੰਡ ਸਿੰਘਪੁਰ ਤੇ ਵੱਖ ਵੱਖ ਪਿੰਡਾਂ ਦੇ ਪੁਰਾਣੇ ਕਬੱਡੀ ਦੇ ਖਿਡਾਰੀਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਕੈਪਟਨ ਅਮਰ ਚੰਦ ਨੇ ਪਿੰਡ ਦੇ ਨੌਜਵਾਨਾ ਨੂੰ ਇਸ ਖੇਡ ਮੇਲੇ ਦੀ ਵਿਧਾਈ ਦਿੱਤੀ ਤੇ ਉਨ੍ਹਾਂ ਨੇ ਹਲਕੇ ਦੇ ਲੋਕਾਂ ਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖੇਡਾਂ ਦੇ ਵਿੱਚ ਭਾਗ ਲੈਣ। ਜਿਸ ਦੇ ਨਾਲ ਨੌ ਜਵਾਨਾਂ ਦਾ ਆਪਸੀ ਪਿਆਰ ਮਿਲਵਰਤਣ ਕਾਇਮ ਰਹਿੰਦਾ ਹੈ। ਪਿੰਡ ਪਿੰਡ ਵਿੱਚ ਵੱਧ ਤੋਂ ਵੱਧ ਖੇਡ ਮੇਲੇ ਕਰਵਾਉਣ ਲਈ ਪ੍ਰੇਰਿਤ ਕੀਤਾ। ਜਿਸ ਦੇ ਨਾਲ ਨੌਜਵਾਨ ਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਇਸ ਮੌਕੇ ਸਾਬਕਾ ਸਰਪੰਚ ਰੂਪ ਲਾਲ, ਜਸਵੀਰ ਕਾਕੂ, ਗੁਰਵਿੰਦਰ ਸਿੰਘ, ਓਮ ਪ੍ਰਕਾਸ਼, ਬਿੱਟੂ, ਲਖਵਿੰਦਰ ਲੱਕੀ, ਰਾਮ ਕੁਮਾਰ ਸੀ ਆਰ ਪੀ, ਭੁਪਿੰਦਰ ਸਿੰਘ, ਸੁਰਿੰਦਰਪਾਲ, ਮਦਨ ਲਾਲ, ਠੇਕੇਦਾਰ ਬਲਬੀਰ ਕੁਮਾਰ, ਦੀਪੂ, ਉਮਕਾਰ ਸਿੰਘ, ਅਜੇ ਕੁਮਾਰ ਬੰਟੀ, ਦੀਪਕ ਆਦਮੀ, ਸ਼ਤੀਸ ਫੌਜੀ, ਰੋਹਿਤ ਆਰਮੀ, ਬਿੰਦੂ ਫੌਜੀ, ਅਸ਼ਵਨੀ ਕਟਵਾਰਾ, ਮੇਸ਼ੀ ਕਟਵਾਰਾ, ਅਸ਼ਵਨੀ ਟੋਰੋਵਾਲ, ਦੇਵਰਾਜ ਪ੍ਰਿੰਸੀਪਲ, ਸਾਬਕਾ ਮਾਸਟਰ ਮਹਿੰਦਰਪਾਲ ਨਵਾਗਰਾਂ, ਕਰਮ ਚੰਦ ਕੁੱਕੜਸੂਹਾ, ਰਾਕੇਸ਼ ਜੱਗੂ, ਅਸ਼ਵਨੀ ਕੁਮਾਰ, ਰੱਖਾ ਰਾਮ, ਰੂਪੀ, ਰਾਮ ਸਰੂਪ, ਪੰਮਾ ਬੱਗੂਵਾਲ, ਰੋਸ਼ਨ ਲਾਲ ਸਿੰਘਪੁਰ, ਨਰਿੰਦਰ ਕੁਮਾਰ, ਰਾਜ ਕੁਮਾਰ ਰਾਜੂ, ਮਾਸਟਰ ਸੁਰਿੰਦਰ ਮੂੰਡਣ ਆਦਿ ਪਿੰਡ ਸਿੰਘਪੁਰ ਦੇ ਨੌਜਵਾਨ ਤੇ ਯੂਥ ਏਰੀਆ ਅਲਾਇੰਸ ਬਲਾਚੌਰ ਦੇ ਮੈਂਬਰ ਐਥਲੇਟਿਕ ਮੀਟ ਮੌਕੇ ਹਾਜਰ ਸਨ।

# ਨਿਊ ਬਾਬਾ ਸੁਖਾਨੰਦ ਸਪੋਰਟਸ ਕਲੱਬ ਤਪਾ ਵੱਲੋਂ ਕੀਤਾ ਗਿਆ ਚੌਹਾਨ ਦਾ ਸਨਮਾਨ

**ਲੋਕ ਬਾਣੀ/ ਤਪਾ ਮੰਡੀ, 12 ਜਨਵਰੀ**

ਪਿਛਲੇ ਡੇਢ ਦਹਾਕੇ ਤੋਂ ਪਬਲਿਕ ਨੂੰ ਸੜਕੀ ਦੁਰਘਟਨਾਵਾਂ ਤੋਂ ਬਚਾਉਣ ਲਈ ਤੇ ਜਾਗਰੂਕ ਕਰਦੇ ਆ ਰਹੇ ਪਿੰਡ ਤਾਜੋਕੇ ਦੇ ਸਮਾਜ ਸੇਵੀ,ਟਰੈਫਿਕ ਐਜੂਕੇਸ਼ਨ ਸੁਸਾਇਟੀ ਤਾਜੋਕੇ ਦੇ ਪਧਾਨ ਹਾਕਮ ਸਿੰਘ ਚੌਹਾਨ ਦਾ ਨਿਊ ਬਾਬਾ ਸਪੋਰਟਸ ਕਲੱਬ ਤਪਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਕਲੱਬ ਪਧਾਨ ਜੱਸੀ ਬਾਸੀ ਨੇ ਹਾਕਮ ਸਿੰਘ ਚੌਹਾਨ ਦੇ ਉਪਰਾਲਿਆਂ ਦੀ ਸਲਾਘਾ ਕੀਤੀ ਅਤੇ ਕਲੱਬ ਵੱਲੋਂ ਉਨਾਂ ਨੂੰ ਹਰ ਤਰਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਕੇ ਜਿਆਦਾਤਰ ਸੜਕੀ ਹਾਦਸੇ ਆਪਣੀਆਂ ਅਣਗਹਿਲੀਆਂ ਕਾਰਨ ਹੀ ਹੁੰਦੇ ਹਨ ਸੋ ਅਸਾਂਨੂੰ ਸੜਕਾਂ ਤੇ ਸੁਚੇਤ ਹੋ ਕੇ ਡਰਾਈਵਿੰਗ ਕਰਨੀ ਚਾਹੀਦੀ ਹੈ। ਸ. ਚੌਹਾਨ ਨੇ ਕਲੱਬ ਦੇ ਆਹੁਦੇਦਾਰਾਂ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਦੀਪ ਸਿੰਘ ਬਾਠ ਚੇਅਰਮੈਨ ਜਿਲਾ ਯੋਜਨਾ ਬੋਰਡ, ਪਰਮਿੰਦਰ ਸਿੰਘ ਭੰਗੂ ਜਿਲਾ ਕਾਰਜਕਾਰੀ ਪਧਾਨ, ਤਰਸੇਮ ਸਿੰਘ ਕਾਹਨੇਕੇ ਚੇਅਰਮੈਨ ਮਾਰਕਿਟ ਕਮੇਟੀ ਤਪਾ, ਚਰਨਜੀਤ ਕੌਰ ਇੰਚਾਰਜ ਮਹਿਲਾ ਵਿੰਗ, ਐਮ ਸੀ ਹਰਦੀਪ ਸਿੰਘ ਪੋਪਲ, ਪ੍ਰਗਟ ਸਿੰਘ ਧੂਰਕੋਟ, ਰਿੰਕਾ ਮੋਬਾਇਲਾਂ ਵਾਲਾ, ਬੁੱਧ ਰਾਮ ਕਾਲਾ, ਮੁਨੀਸ ਗਰਗ, ਕੁਮੈਂਟੇਟਰ ਕਾਂਤੀ ਤਾਜੋ ਆਦਿ ਆਗੂ ਹਾਜਰ ਸਨ।






ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com